


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR

ਮੁੱਖ ਸੰਪਾਦਕ ਅਮਨਦੀਪ ਮਹਿਰਾ

ਐਤਵਾਰ 24 ਫਰਵਰੀ 2024




ਪੜ੍ਹੋ ਰੋਜ਼ਾਨਾ ਲੋਕ ਬਾਣੀ

R.N.I.Punpun/29016/2008 * ਸਾਲ 15 * ਅੰਕ : 279 * ਮੁੱਲ ; 5.00 ਰੁਪਏ * ਕੁੱਲ ਪੇਜ਼ 10 * ਦਫਤਰ : 0181-2211009 * : M 99155-94111

DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com (dipsimt@gmail.com)
CONTACT : 95010-00697, 97806-00998

## ਯੂਪੀ ਵਿਚ ਸੜਕ ਹਾਦਸੇ ਵਿੱਚ 24 ਲੋਕਾਂ ਦੀ ਹੋਈ ਮੌਤ



ਲੋਕ ਬਾਣੀ/ ਲਖਨਊ

ਉੱਤਰ ਪ੍ਰਦੇਸ਼ ਦੇ ਕਾਸਗੰਜ ਜ਼ਿਲ੍ਹੇ ਵਿੱਚ ਟਰੈਕਟਰ-ਟਰਾਲੀ ਪਲਟਣ ਅਤੇ ਛੱਪੜ ਵਿੱਚ ਡਿੱਗਣ ਕਾਰਨ 8 ਬੱਚਿਆਂ ਸਮੇਤ 22 ਵਿਅਕਤੀਆਂ ਦੀ ਮੌਤ ਹੋ ਗਈ। ਸੀਨੀਅਰ ਪੁਲੀਸ ਅਧਿਕਾਰੀ ਨੇ ਦੱਸਿਆ ਕਿ ਵਾਹਨ 'ਚ ਸਵਾਰ ਲੋਕ ਜ਼ਿਲ੍ਹੇ ਦੇ ਪਟਿਆਲੀ ਖੇਤਰ 'ਚ ਗੰਗਾ ਨਦੀ 'ਚ ਇਸ਼ਨਾਨ ਕਰਨ ਜਾ ਰਹੇ ਸਨ, ਜਦੋਂ ਪਟਿਆਲੀ-ਦਰਿਆਵਗੰਜ ਰੋਡ 'ਤੇ ਇਹ ਹਾਦਸਾ ਹੋ ਗਿਆ। ਕਰੀਬ 10 ਵਿਅਕਤੀ ਜ਼ਖ਼ਮੀ ਹਾਲਤ 'ਚ ਹਸਪਤਾਲ 'ਚ ਭਰਤੀ ਹਨ। ਮੁੱਖ ਮੰਤਰੀ ਯੋਗੀ ਅਦਿਤਿਆਨਾਥ ਨੇ ਮ੍ਰਿਤਕਾਂ ਦੇ ਪਰਿਵਾਰਾਂ ਨੂੰ 2-2 ਲੱਖ ਤੇ ਜ਼ਖ਼ਮੀਆਂ 50-50 ਹਜ਼ਾਰ ਰੁਪਏ ਦੀ ਸਹਾਇਤਾ ਦੇਣ ਦਾ ਐਲਾਨ ਕੀਤਾ ਹੈ।

## ਇਕ ਜੁਲਾਈ ਤੋਂ ਦੇਸ਼ ਵਿਚ ਤਿੰਨ ਨਵੇਂ ਫੌਜਦਾਰੀ ਕਾਨੂੰਨ ਹੋਣਗੇ ਲਾਗੂ

ਲੋਕ ਬਾਣੀ/ ਚੰਡੀਗੜ੍ਹ, ਵਿਨੋਦ ਸ਼ਰਮਾ

ਦੇਸ਼ ਵਿੱਚ ਅਪਰਾਧਿਕ ਨਿਆਂ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਨਾਲ ਬਦਲਣ ਲਈ ਨਵੇਂ ਬਣਾਏ ਗਏ ਕਾਨੂੰਨ ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰਕਸ਼ਾ ਸੰਹਿਤਾ ਅਤੇ ਭਾਰਤੀ ਸਾਕਸ਼ਯ ਐਕਟ 1 ਜੁਲਾਈ ਤੋਂ ਲਾਗੂ ਹੋ ਜਾਣਗੇ। ਕਾਨੂੰਨਾਂ ਨੂੰ ਪਿਛਲੇ ਸਾਲ 21 ਦਸੰਬਰ ਨੂੰ ਸੰਸਦ ਦੀ ਮਨਜ਼ੂਰੀ ਮਿਲੀ ਸੀ ਅਤੇ ਰਾਸ਼ਟਰਪਤੀ ਦਰੋਪਦੀ ਮੁਰਮੂ ਨੇ 25 ਦਸੰਬਰ ਨੂੰ ਇਸ ਦੀ ਮਨਜ਼ੂਰੀ ਦਿੱਤੀ ਸੀ। ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਜਾਰੀ ਤਿੰਨ ਨੋਟੀਫਿਕੇਸ਼ਨਾਂ ਅਨੁਸਾਰ ਨਵੇਂ ਕਾਨੂੰਨਾਂ ਦੀਆਂ ਵਿਵਸਥਾਵਾਂ 1 ਜੁਲਾਈ ਤੋਂ ਲਾਗੂ ਹੋਣਗੀਆਂ ਅਤੇ ਕਾਨੂੰਨਾਂ ਦੀ ਥਾਂ ਲੈਣਗੇ।

## ਪੰਜਾਬ ਨੂੰ ਛੱਡ ਕੇ ਬਾਕੀ ਹਰਿਆਣਾ ਤੇ ਦਿੱਲੀ ਵਿਚ ਕਾਂਗਰਸ ਤੇ ਆਮ ਰੱਲ ਕੇ ਲੜਣਗੇ ਚੋਣਾਂ




ਲੋਕ ਬਾਣੀ/ ਦਿੱਲੀ

ਕਾਂਗਰਸ ਅਤੇ ਆਮ ਆਦਮੀ ਪਾਰਟੀ ਨੇ ਆਗਾਮੀ ਲੋਕ ਸਭਾ ਚੋਣਾਂ ਲਈ ਅੱਜ ਸੀਟਾਂ ਦੀ ਵੰਡ ਦਾ ਐਲਾਨ ਕਰ ਦਿੱਤਾ ਹੈ, ਜਿਸ ਤਹਿਤ ਦਿੱਲੀ ਦੀਆਂ ਚਾਰ ਸੀਟਾਂ 'ਤੇ 'ਆਪ' ਅਤੇ ਕਾਂਗਰਸ ਤਿੰਨ ਸੀਟਾਂ 'ਤੇ ਚੋਣ ਲੜੇਗੀ। ਇਸ ਦੇ ਨਾਲ ਹੀ ਆਮ ਆਦਮੀ ਪਾਰਟੀ ਗੁਜਰਾਤ ਦੀ ਭਰੂਚ ਅਤੇ ਭਾਵਨਗਰ ਸੀਟ ਅਤੇ ਹਰਿਆਣਾ ਦੀ ਕੁਰੂਕਸ਼ੇਤਰ ਲੋਕ ਸਭਾ ਸੀਟ 'ਤੇ ਵੀ ਚੋਣ ਲੜੇਗੀ। ਕਾਂਗਰਸ ਦੇ ਸੀਨੀਅਰ ਆਗੂ ਮੁਕੁਲ ਵਾਸਨਿਕ ਨੇ ਆਮ ਆਦਮੀ ਪਾਰਟੀ ਦੇ ਆਗੂਆਂ ਸੰਦੀਪ ਪਾਠਕ, ਸੌਰਵ ਭਾਰਦਵਾਜ ਅਤੇ ਆਤਿਸ਼ੀ ਨਾਲ ਸਾਂਝੀ ਪ੍ਰੈਸ ਕਾਨਫਰੰਸ ਦੌਰਾਨ ਸੀਟ ਵੰਡ ਦਾ ਐਲਾਨ ਕੀਤਾ। ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ 'ਆਪ' ਆਗੂ ਸੰਦੀਪ ਪਾਠਕ ਨੇ ਕਿਹਾ ਕਿ 'ਆਪ' ਅਤੇ ਕਾਂਗਰਸ ਨੇ ਪੰਜਾਬ ਵਿੱਚ ਲੋਕ ਸਭਾ ਚੋਣਾਂ ਵੱਖ-ਵੱਖ ਲੜਨ ਦਾ ਫੈਸਲਾ ਕੀਤਾ ਹੈ।

## ਪਾਕਿਸਤਾਨ ਸਰਹੱਦ ਤੇ ਕਰੋੜਾਂ ਦੀ ਹੈਰੋਇਨ ਸਮੇਤ ਇਕ ਕਾਬੂ

ਲੋਕ ਬਾਣੀ/ ਅਮ੍ਰਿਤਸਰ

ਅਟਾਰੀ, (ਅੰਮ੍ਰਿਤਸਰ) 24 ਫਰਵਰੀ (ਰਾਜਿੰਦਰ ਸਿੰਘ ਰੂਬੀ/ਗੁਰਦੀਪ ਸਿੰਘ)-ਐੱਸ.ਐੱਸ.ਪੀ. ਅੰਮ੍ਰਿਤਸਰ ਦਿਹਾਤੀ ਆਈ.ਪੀ.ਐੱਸ. ਸਤਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਅਗਵਾਈ 'ਚ ਭਾਰਤੀ ਨਸ਼ਾ ਤਸਕਰਾਂ ਵਲੋਂ ਪਾਕਿਸਤਾਨੀ ਨਸ਼ਾ ਤਸਕਰਾਂ ਪਾਸੋਂ ਪਿਛਲੇ ਸਮੇਂ 'ਚ ਮੰਗਵਾਈ ਕਰੋੜਾਂ ਰੁਪਏ ਦੀ ਹੈਰੋਇਨ ਸਮੇਤ ਇਕ ਦੋਸ਼ੀ ਨੂੰ ਗ੍ਰਿਫ਼ਤਾਰ ਕਰਕੇ ਸਫਲਤਾ ਹਾਸਲ ਕੀਤੀ ਗਈ ਹੈ। ਇਸ ਸੰਬੰਧੀ ਪੁਲਿਸ ਵਲੋਂ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇੰਚਾਰਜ ਸਪੈਸ਼ਲ ਸੈੱਲ ਦਿਹਾਤੀ ਅੰਮ੍ਰਿਤਸਰ ਨੂੰ ਸੂਚਨਾ ਮਿਲੀ ਕਿ ਮਨਜੀਤ ਸਿੰਘ ਕਾਲੂ ਪੁੱਤਰ ਸਾਹਿਬ ਸਿੰਘ ਵਾਸੀ ਧਨੋਆ ਕਲਾਂ ਜ਼ਿਲ੍ਹਾ ਅੰਮ੍ਰਿਤਸਰ ਜੋ ਕਿ ਹੈਰੋਇਨ ਵੇਚਣ ਦਾ ਕੰਮ ਕਰਦਾ ਹੈ।

## ਸ਼ੰਭੂ ਤੇ ਖਨੌਰੀ ਬਾਰਡਰ ਤੇ ਸ਼ਹੀਦਾਂ ਦੀ ਯਾਦ ਵਿੱਚ ਮੋਮਬੱਤੀ ਮਾਰਚ ਕੱਢਿਆ ਗਿਆ



ਲੋਕ ਬਾਣੀ/ ਜਲੰਧਰ, ਦੇਵ ਮਹਿਤਾ

ਸੰਗਰੂਰ/ਖਨੌਰੀ - ਮੋਮਬੱਤੀ ਮਾਰਚ ਵਿਚ ਸ਼ਹੀਦ ਸ਼ੁਭਕਰਨ ਸਿੰਘ ਦੀਆਂ ਭੈਣਾਂ ਸ਼ਿੰਦਰਪਾਲ ਕੌਰ ਅਤੇ ਗੁਰਪ੍ਰੀਤ ਸਿੰਘ ਆਪਣੇ ਚਾਚਾ-ਚਾਚੀ ਸਮੇਤ ਸ਼ਾਮਲ ਹੋਈਆਂ। ਇਸ ਮੌਕੇ ਸ਼ੁਭਕਰਨ ਸਿੰਘ ਦੀ ਵੱਡੀ ਭੈਣ ਸ਼ਿੰਦਰਪਾਲ ਕੌਰ ਨੇ ਕਿਹਾ ਕਿ ਉਨ੍ਹਾਂ ਨੂੰ ਪੈਸੇ ਜਾਂ ਨੌਕਰੀ ਨਹੀਂ ਸਗੋਂ ਇਨਸਾਫ਼ ਚਾਹੀਦਾ ਹੈ। ਉਨ੍ਹਾਂ ਦਾ ਭਰਾ ਕਿਸਾਨੀ ਹੱਕਾਂ ਲਈ ਸੰਘਰਸ਼ ਕਰਨ ਗਿਆ ਸੀ ਜੋ ਪੁਲੀਸ ਦੀ ਗੋਲੀ ਨਾਲ ਸ਼ਹੀਦ ਹੋ ਗਿਆ। ਮਾਂ ਬਾਰੇ ਪੁੱਛੇ ਸਵਾਲ 'ਤੇ ਸ਼ਿੰਦਰਪਾਲ ਕੌਰ ਨੇ ਕਿਹਾ ਕਿ 17 ਸਾਲ ਪਹਿਲਾਂ ਉਹ ਉਨ੍ਹਾਂ ਨੂੰ ਛੱਡ ਕੇ ਚਲੀ ਗਈ ਸੀ।

ਚਾਰ ਸਾਹਿਬਜ਼ਾਦੇ ਚੈਰੀਟੇਬਲ ਟਰੱਸਟ ਸ਼੍ਰੀਗੰਗਾਨਗਰ (ਰਾਜ)



ਨਸ਼ਾ ਮੁੱਕਤੀ ਤੇ ਪੁਨਰਵਾਸ ਕੇਂਦਰ

ਰਾਜਸਥਾਨ ਸਰਕਾਰ ਵੱਲੋਂ ਮਾਨਤਾ ਪ੍ਰਾਪਤ

ਨਜ਼ਦੀਕ ਮਹਿੰਦਰਾ ਵੀ.ਡੀ ਮੋਟਰਸ . ਔਰਬਿਟ ਪੈਲਸ , ਸੂਰਤਗੜ੍ਹ ਰੋਡ , ਸ਼੍ਰੀਗੰਗਾਨਗਰ ( ਰਾਜਸਥਾਨ )

ਨਸ਼ੇ ਨੂੰ ਨਾ ਜ਼ਿੰਦਗੀ ਨੂੰ ਹਾਂ

ਉਪਲੱਬਧ ਸੁਵੀਧਾ

ਨਸ਼ਾ ਮੁਕਤੀ ਦੇ ਖੇਤਰ ਚ ਸਿਖਲਾਈ ਪ੍ਰਾਪਤ ਤੇ ਅਨੁਭਵੀ ਡਾਕਟਰ ਤੇ ਕਾਊਸਲਰ ਅਤੇ ਨਰਸਿੰਗ ਸਟਾਫ ਦੀ ਦੇਖ ਰੇਖ ਹੇਠ ਇਲਾਜ ਕੀਤਾ ਜਾਂਦਾ ਹੈ। ਸਾਡੇ ਇੱਥੇ ਦਵਾਈਆਂ , ਕਾਊਸਲਿੰਗ , ਸਾਈਕਲੋਜੀਕਲ ਥੈਰੇਪੀ , ਹੋਮਿਉਪੈਥਿਕ ਥੈਰੇਪੀ , ਯੋਗ , ਧਿਆਨ ਦੁਆਰਾ ਨਸ਼ੇ ਤੋ ਛੁਟਕਾਰਾ ਦਵਾਇਆ ਜਾਂਦਾ ਹੈ। ਸਾਫ -ਸੁਥਰਾ ਤੇ ਘਰ ਵਰਗਾ ਵਾਤਾਵਰਨ ਉਪਲੱਬਧ ਹੈ। ਸ਼ੁਧ ਤੇ ਸ਼ਾਕਾਹਾਰੀ ਭੋਜਨ ਦਿਤਾ ਜਾਂਦਾ ਹੈ। ਮਨੋਰੰਜਨ ਲਈ ਇੰਡੋਰ ਗੇਮ ਤੇ ਟੀ.ਵੀ ਦਾ ਪ੍ਰਬੰਧ ਹੈ, ਵੀ. ਆਈ .ਪੀ ਮਰੀਜ਼ਾਂ ਦੇ ਲਈ ਵਿਸ਼ੇਸ਼ ਸੁਵਿਧਾ ਉਪਲੱਬਧ ਹੈ , ਐਚ. ਆਈ . ਵੀ ਅਤੇ ਕਾਲੇ ਪੀਲੀਏ ਦੇ ਮਰੀਜ਼ਾਂ ਦੇ ਲਈ ਅਲੱਗ ਵਾਰਡ ਦੀ ਸੁਵਿਧਾ ਉਪਲੱਬਧ ਹੈ ,ਖੇਡਣ ਲਈ ਖੁੱਲਾ ਮੈਦਾਨ ਤੇ ਪਾਰਕ ਦੀ ਸੁਵਿਧਾ ਉਪਲੱਬਧ ਹੈ।

ਵਧੀਆ ਜ਼ਿੰਦਗੀ ਲਈ , ਇੱਕ ਨਵੀਂ ਸ਼ੁਰੂਆਤ
ਨਸ਼ਾ ਇੱਕ ਬਿਮਾਰੀ ਹੈ , ਜਿਸ ਦਾ ਇਲਾਜ ਸੰਭਵ ਹੈ
ਸਾਡੇ ਇੱਥੇ ਹਰ ਪ੍ਰਕਾਰ ਦੇ ਨਸ਼ੇ ਜਿਵੇ ਸ਼ਰਾਬ , ਚਿੱਟਾ , ਪੋਸਤ , ਅਫੀਮ , ਗਾਜ਼ਾਂ , ਨਸ਼ੇ ਦੀਆਂ ਗੋਲੀਆਂ ਤੇ ਇੰਜੈਕਸ਼ਨਾ ਦਾ ਇਲਾਜ ਕੀਤਾ ਜਾਂਦਾ ਹੈ।

ਨਾਰਮਲ ਫੀਸ ਕੇਵਲ 7000 ਰੁਪਏ ਤੋ ਸ਼ੁਰੂ

ਨੋਟ - ਮਰੀਜ਼ ਨੂੰ ਪਰਿਵਾਰ ਦੀ ਸਹਿਮਤੀ ਨਾਲ ਘਰ ਤੋ ਲੈ ਕੇ ਜਾਣ ਦੀ ਸੁਵਿਧਾ ਉਪਲੱਬਧ ਹੈ।

ਸੰਦੀਪ ਸਿੰਘ ਬੂਟਰ - 96496-91313
ਪਵਨ ਛਿੰਪਾ - 9772861313
ਮਨੀਸ਼ ਚੋਧਰੀ -9783021313

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ

ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਮੌਸਮ ਵਿਭਾਗ ਦਾ ਅਲਰਟ! ਪਹਾੜੀ ਇਲਾਕਿਆਂ 'ਚ ਬਰਫਬਾਰੀ, ਪੰਜਾਬ ਸਮੇਤ ਉੱਤਰ ਭਾਰਤ 'ਚ ਭਾਰੀ ਮੀਂਹ ਦੀ ਚੇਤਾਵਨੀ

ਲੋਕ ਬਾਣੀ/ ਚੰਡੀਗੜ੍ਹ-

ਦੇਸ਼ ਵਿੱਚ ਇੱਕ ਵਾਰ ਫਿਰ ਮੌਸਮ ਦਾ ਰੂਪ ਬਦਲ ਰਿਹਾ ਹੈ। ਸਰਦੀ ਦਾ ਮੌਸਮ ਆਪਣੇ ਅੰਤਿਮ ਪੜਾਅ 'ਤੇ ਹੈ, ਪਰ ਇਸ ਤੋਂ ਪਹਿਲਾਂ ਇਕ ਹੋਰ ਝਟਕਾ ਲੱਗ ਸਕਦਾ ਹੈ। ਇਸ ਸਮੇਂ ਪਹਾੜੀ ਇਲਾਕਿਆਂ 'ਚ ਬਰਫਬਾਰੀ ਹੋ ਰਹੀ ਹੈ ਜਦਕਿ ਮੈਦਾਨੀ ਇਲਾਕਿਆਂ 'ਚ ਬਾਰਿਸ਼ ਨੇ ਠੰਡ ਨੂੰ ਵਧਾ ਦਿੱਤਾ ਹੈ। ਭਾਵੇਂ ਦਿਨ ਵੇਲੇ ਧੁੱਪ ਚਮਕ ਰਹੀ ਹੈ, ਪਰ ਤੇਜ਼ ਹਵਾਵਾਂ ਕਾਰਨ ਹਲਕੀ ਠੰਢ ਮਹਿਸੂਸ ਕੀਤੀ ਜਾ ਰਹੀ ਹੈ।




ਅੱਜ ਪੰਜਾਬ ਵਿੱਚ ਹਲਕੇ ਮੀਂਹ ਪੈਣ ਦੀ ਚੇਤਾਵਨੀ ਹੈ ਅਤੇ 25 ਫਰਵਰੀ ਨੂੰ ਪੰਜਾਬ, ਦਿੱਲੀ ਅਤੇ ਉੱਤਰ ਪ੍ਰਦੇਸ਼ ਸਮੇਤ ਕਈ ਰਾਜਾਂ ਵਿੱਚ ਮੌਸਮ ਸਾਫ਼ ਰਹਿਣ ਦੀ ਸੰਭਾਵਨਾ ਹੈ, ਪਰ ਕੁਝ ਇਲਾਕਿਆਂ ਵਿੱਚ ਸਵੇਰੇ ਹਲਕੀ ਧੁੰਦ ਪੈ ਸਕਦੀ ਹੈ। ਮੱਧ ਭਾਰਤ ਵਿੱਚ 26-27 ਫਰਵਰੀ ਨੂੰ ਤੇਜ਼ ਗਰਜ ਅਤੇ ਬਿਜਲੀ ਦੇ ਨਾਲ ਮੀਂਹ ਅਤੇ ਪੱਛਮੀ ਹਿਮਾਲੀਅਨ ਖੇਤਰ ਵਿੱਚ ਮੀਂਹ ਅਤੇ ਬਰਫ਼ਬਾਰੀ ਦੀ ਸੰਭਾਵਨਾ ਹੈ। ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼ ਅਤੇ ਛੱਤੀਸਗੜ੍ਹ 'ਚ ਬਾਰਿਸ਼ ਹੋ ਸਕਦੀ ਹੈ, ਜਦਕਿ ਜੰਮੂ-ਕਸ਼ਮੀਰ, ਲੱਦਾਖ ਅਤੇ ਹਿਮਾਚਲ ਪ੍ਰਦੇਸ਼ 'ਚ ਬਰਫਬਾਰੀ ਦੀ ਸੰਭਾਵਨਾ ਹੈ।

ਹਾਲਾਂਕਿ ਮੀਂਹ ਤੋਂ ਬਾਅਦ 28 ਫਰਵਰੀ ਤੋਂ ਮੌਸਮ ਫਿਰ ਤੋਂ ਸਾਫ਼ ਹੋਣਾ ਸ਼ੁਰੂ ਹੋ ਜਾਵੇਗਾ। 9$4 ਦੇ ਵਿਗਿਆਨੀ ਸੋਮਾ ਸੇਨ ਨੇ ਕਿਹਾ ਕਿ ਅਰੁਣਾਚਲ ਪ੍ਰਦੇਸ਼ ਵਿੱਚ ਮੀਂਹ ਦੀ ਸੰਭਾਵਨਾ ਹੈ, ਜਦੋਂ ਕਿ ਸਿੱਕਮ ਵਿੱਚ ਬਰਫ਼ਬਾਰੀ ਅਤੇ ਉੱਤਰ-ਪੂਰਬ ਵਿੱਚ ਤੂਫ਼ਾਨ ਦੀ ਸੰਭਾਵਨਾ ਹੈ। ਇੱਕ ਤਾਜ਼ਾ ਪੱਛਮੀ ਗੜਬੜ ਮੁੜ ਸਰਗਰਮ ਹੋਣ ਵਾਲੀ ਹੈ। ਇਹ ਪੱਛਮੀ ਗੜਬੜ ਮੁੱਖ ਤੌਰ 'ਤੇ ਪੱਛਮੀ ਹਿਮਾਲੀਅਨ ਖੇਤਰ ਨੂੰ ਪ੍ਰਭਾਵਿਤ ਕਰੇਗੀ, ਜਿਸ ਨਾਲ ਮੱਧ ਭਾਰਤ ਵਿੱਚ ਤੂਫ਼ਾਨ ਅਤੇ ਗੜੇਮਾਰੀ ਹੋਵੇਗੀ।

# ਸੜਕਾਂ 'ਤੇ ਰੁਲਦੇ ਹੱਥਾਂ 'ਚ ਡਿਗਰੀਆਂ ਚੁੱਕੀ ਫਿਰਦੇ ਬੇਰੁਜ਼ਗਾਰ! ਮਾਨ ਸਰਕਾਰ ਦੀ ਪੋਲ ਖੋਲਣ ਲਈ ਸਾਂਝੇ ਮੋਰਚੇ ਦਾ ਵੱਡਾ ਐਲਾਨ



ਸੰਗਰੂਰ:- ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਰੁਜ਼ਗਾਰ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰਦੇ ਵੱਖ-ਵੱਖ ਬੇਰੁਜ਼ਗਾਰ ਜਥੇਬੰਦੀਆਂ ਉੱਤੇ ਆਧਾਰਿਤ ਬੇਰੁਜ਼ਗਾਰ ਸਾਂਝੇ ਮੋਰਚੇ ਵੱਲੋ 21 ਫਰਵਰੀ ਨੂੰ ਮੁੱਖ ਮੰਤਰੀ ਦੇ ਸਕੱਤਰ ਨਾਲ ਮੀਟਿੰਗ ਦੇ ਬੇਸਿੱਟਾ ਰਹਿਣ ਕਾਰਨ ਪਹਿਲਾਂ ਹੀ ਕੀਤੇ ਐਲਾਨ ਅਨੁਸਾਰ 25 ਫਰਵਰੀ ਨੂੰ ਮੁੜ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਦਾ ਫੈਸਲਾ ਕੀਤਾ ਗਿਆ ਹੈ।

ਬੇਰੁਜ਼ਗਾਰ ਸਾਂਝੇ ਮੋਰਚੇ ਦੇ ਆਗੂਆਂ ਸੁਖਵਿੰਦਰ ਸਿੰਘ ਢਿੱਲਵਾਂ, ਜਸਵੰਤ ਘੁਬਾਇਆ, ਰਮਨ ਕੁਮਾਰ ਮਲੋਟ, ਹਰਜਿੰਦਰ ਝੁਨੀਰ ਅਤੇ ਹਰਜਿੰਦਰ ਸਿੰਘ ਬੁਢਲਾਡਾ ਨੇ ਦੱਸਿਆ ਕਿ ਮੁੱਖ ਮੰਤਰੀ ਨਿਵਾਸ ਚੰਡੀਗੜ੍ਹ ਵਿਖੇ ਹੋਈ ਮੀਟਿੰਗ ਵਿੱਚ ਬੇਰੁਜ਼ਗਾਰਾਂ ਨੂੰ ਕਾਫ਼ੀ ਉਮੀਦ ਸੀ, ਪ੍ਰੰਤੂ ਬੇਰੁਜ਼ਗਾਰਾਂ ਪੱਲੇ ਮੁੜ ਨਿਰਾਸ਼ਾ ਪਈ ਹੈ।


ਬੇਰੁਜ਼ਗਾਰਾਂ ਨੇ ਦੱਸਿਆ ਕਿ ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਸਾਰੀਆਂ ਭਰਤੀਆਂ ਉੱਪਰ ਉਮਰ ਹੱਦ ਛੋਟ ਦੇਣ, ਮਾਸਟਰ ਕੇਡਰ ਵਿੱਚ ਥੋਪੀ ਬੇਤੁਕੀ 55 ਪ੍ਰਤੀਸ਼ਤ ਸ਼ਰਤ ਰੱਦ ਕਰਵਾਉਣ, ਸਾਰੇ ਵਿਸ਼ਿਆਂ ਦੀਆਂ ਅਸਾਮੀਆਂ ਵੱਡੀ ਗਿਣਤੀ ਵਿੱਚ ਜਾਰੀ ਕਰਵਾਉਣ, ਆਰਟ ਐਂਡ ਕਰਾਫਟ ਦੀਆਂ 250 ਅਸਾਮੀਆਂ ਦਾ ਪੇਪਰ ਕਰਵਾਉਣ, ਮਲਟੀਪਰਪਜ਼ ਹੈਲਥ ਵਰਕਰ ਦੀਆਂ ਪ੍ਰਵਾਨਤ 270 ਅਸਾਮੀਆਂ ਉੱਤੇ ਉਮਰ ਹੱਦ ਛੋਟ ਦੇ ਕੇ ਭਰਤੀ ਕਰਵਾਉਣ ਅਤੇ ਲੈਕਚਰਾਰ ਦੀ ਭਰਤੀ ਦੀ ਮੰਗ ਨੂੰ ਲੈਕੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ।

ਬੇਰੁਜ਼ਗਾਰ ਆਗੂਆਂ ਨੇ ਕਿਸਾਨਾਂ ਉੱਤੇ ਜ਼ਬਰ ਕਰਨ ਪਿੱਛੇ ਸੂਬਾ ਅਤੇ ਕੇਂਦਰ ਸਰਕਾਰ ਨੂੰ ਦੋਸ਼ੀ ਠਹਿਰਾਇਆ। ਉਹਨਾਂ ਸ਼ੁਭਕਰਨ ਦੀ ਸ਼ਹਾਦਤ ਨੂੰ ਸਿਸਟਮ ਖਿਲਾਫ਼ ਲਾਸਾਨੀ ਕੁਰਬਾਨੀ ਆਖਿਆ। ਉਹਨਾਂ ਕਿਹਾ ਕਿ ਸੂਬੇ ਅੰਦਰ ਬੇਰੁਜ਼ਗਾਰੀ ਤੋ ਝੰਬੇ ਬੇਰੁਜ਼ਗਾਰ ਖੁਦਕੁਸ਼ੀਆਂ ਕਰ ਰਹੇ ਹਨ। ਸਰਕਾਰ ਰੁਜ਼ਗਾਰ ਦੇਣ ਤੋ ਹੱਥ ਪਿੱਛੇ ਖਿੱਚ ਰਹੀ ਹੈ। ਸਿੱਖਿਆ ਅਤੇ ਸਿਹਤ ਵਿਭਾਗ ਵਿੱਚ ਦੋ ਸਾਲ ਵਿੱਚ ਇੱਕ ਵੀ ਇਸ਼ਤਿਹਾਰ ਜਾਰੀ ਨਹੀਂ ਕੀਤਾ ਗਿਆ। ਉੱਧਰ ਕੇਂਦਰ ਸਰਕਾਰ ਸਾਲਾਨਾ ਦੋ ਕਰੋੜ ਨੌਕਰੀਆਂ ਦੇਣ ਦਾ ਵਾਅਦਾ ਭੁੱਲ ਚੁੱਕੀ ਹੈ। ਉਹਨਾਂ ਸਮੂਹ ਬੇਰੁਜ਼ਗਾਰਾਂ ਨੂੰ 11 ਵਜੇ ਵੇਰਕਾ ਮਿਲਕ ਪਲਾਂਟ ਸੰਗਰੂਰ ਵਿਖੇ ਪਹੁੰਚਣ ਦੀ ਅਪੀਲ ਕੀਤੀ।

# ਹਾਈਕੋਰਟ ਵਲੋਂ 5994 ETT ਅਧਿਆਪਕਾਂ ਦੀ ਭਰਤੀ 'ਤੇ ਰੋਕ ਹਟਾਉਣ ਤੋਂ ਇਨਕਾਰ

ਲੋਕ ਬਾਣੀ/ ਚੰਡੀਗੜ੍ਹ-

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਈ.ਟੀ.ਟੀ. ਦੀਆਂ 5994 ਅਸਾਮੀਆਂ ਲਈ ਚੋਣ ਪ੍ਰਕਿਰਿਆ ਜਲਦੀ ਮੁਕੰਮਲ ਕਰਨ ਦੀ ਮੰਗ 'ਤੇ ਪੰਜਾਬ ਸਰਕਾਰ ਨੂੰ ਕੋਈ ਰਾਹਤ ਨਹੀਂ ਦਿਤੀ ਹੈ। ਰੋਜ਼ਾਨਾ ਸਪੋਕਸਮੈਨ ਦੀ ਖ਼ਬਰ ਮੁਤਾਬਿਕ, ਸਰਕਾਰ ਦੀ ਤਰਫੋਂ ਅਦਾਲਤ ਵਿਚ ਦੱਸਿਆ ਗਿਆ ਕਿ ਉਹ ਅਪਣਾ ਉਹ ਬਿਆਨ ਵਾਪਸ ਲੈਣਾ ਚਾਹੁੰਦੀ ਹੈ ਜਿਸ ਵਿਚ ਉਸ ਨੇ ਅਦਾਲਤ ਨੂੰ ਭਰੋਸਾ ਦਿਤਾ ਸੀ ਕਿ ਪੰਜਾਬ ਸਰਕਾਰ ਅਗਲੀ ਸੁਣਵਾਈ ਤਕ ਚੋਣ ਪ੍ਰਕਿਰਿਆ ਜਾਰੀ ਨਹੀਂ ਰੱਖੇਗੀ।




ਇਸ 'ਤੇ ਹਾਈ ਕੋਰਟ ਨੇ ਕਿਹਾ ਕਿ ਜੇਕਰ ਸਰਕਾਰ ਅਪਣਾ ਬਿਆਨ ਵਾਪਸ ਲੈਣਾ ਚਾਹੁੰਦੀ ਹੈ ਤਾਂ ਕੋਈ ਸਮੱਸਿਆ ਨਹੀਂ, ਅਦਾਲਤ ਚੋਣ ਪ੍ਰਕਿਰਿਆ 'ਤੇ ਰੋਕ ਲਗਾਉਣ ਲਈ ਅੰਤਰਿਮ ਹੁਕਮ ਜਾਰੀ ਕਰੇਗੀ।

ਜ਼ਿਕਰਯੋਗ ਹੈ ਕਿ 12 ਅਕਤੂਬਰ 2023 ਨੂੰ ਹੋਈ ਸੁਣਵਾਈ ਦੌਰਾਨ ਪੰਜਾਬ ਸਰਕਾਰ ਨੇ ਅਦਾਲਤ ਨੂੰ ਭਰੋਸਾ ਦਿਤਾ ਸੀ ਕਿ ਉਹ ਅਗਲੀ ਸੁਣਵਾਈ ਤਕ ਭਰਤੀ ਪ੍ਰਕਿਰਿਆ ਨੂੰ ਜਾਰੀ ਨਹੀਂ ਰੱਖੇਗੀ। ਹੁਣ ਪੰਜਾਬ ਸਰਕਾਰ ਦੀ ਤਰਫੋਂ ਇਕ ਅਰਜ਼ੀ ਦਾਇਰ ਕਰ ਕੇ ਕਿਹਾ ਗਿਆ ਹੈ ਕਿ ਉਹ ਅਪਣਾ ਬਿਆਨ ਵਾਪਸ ਲੈਣਾ ਚਾਹੁੰਦੇ ਹਨ ਅਤੇ ਭਰਤੀ ਪ੍ਰਕਿਰਿਆ ਨੂੰ ਪੂਰਾ ਕਰਨ ਲਈ ਜਲਦੀ ਸੁਣਵਾਈ ਦੀ ਮੰਗ ਕਰ ਰਹੇ ਹਨ।

ਪੰਜਾਬ ਸਰਕਾਰ ਦੀ ਤਰਫੋਂ ਕਿਹਾ ਗਿਆ ਕਿ ਪੰਜਾਬ ਸਰਕਾਰ ਵਲੋਂ ਇਸ ਭਰਤੀ ਪ੍ਰਕਿਰਿਆ ਨੂੰ ਜਲਦੀ ਮੁਕੰਮਲ ਕਰਨਾ ਬਹੁਤ ਜ਼ਰੂਰੀ ਹੈ। ਇਸ ਨਾਲ ਸੂਬੇ ਦੇ ਉਨ੍ਹਾਂ ਸਕੂਲਾਂ ਵਿਚ ਅਧਿਆਪਕਾਂ ਦੀ ਘਾਟ ਨੂੰ ਪੂਰਾ ਕਰਨ ਵਿਚ ਮਦਦ ਮਿਲੇਗੀ ਜਿਥੇ ਮੌਜੂਦਾ ਸਮੇਂ ਵਿਚ ਸਿਰਫ਼ ਇਕ ਅਧਿਆਪਕ ਹੀ ਸਕੂਲ ਚਲਾ ਰਿਹਾ ਹੈ।

ਫਾਜ਼ਿਲਕਾ ਨਿਵਾਸੀ ਪਰਵਿੰਦਰ ਸਿੰਘ ਅਤੇ ਹੋਰ ਉਮੀਦਵਾਰਾਂ ਵਲੋਂ ਪਟੀਸ਼ਨ ਦਾਇਰ ਕਰ ਕੇ ਕਿਹਾ ਗਿਆ ਸੀ ਕਿ ਪੰਜਾਬ ਸਰਕਾਰ ਨੇ 12 ਅਕਤੂਬਰ 2022 ਨੂੰ ਇਕ ਇਸ਼ਤਿਹਾਰ ਜਾਰੀ ਕਰਕੇ ਈ.ਟੀ.ਟੀ. ਦੀਆਂ 5994 ਅਸਾਮੀਆਂ ਲਈ ਅਰਜ਼ੀਆਂ ਮੰਗੀਆਂ ਸਨ।

ਪਟੀਸ਼ਨਕਰਤਾਵਾਂ ਨੇ ਇਸ ਲਈ ਅਰਜ਼ੀ ਵੀ ਦਿਤੀ ਸੀ ਕਿਉਂਕਿ ਉਨ੍ਹਾਂ ਨੇ ਇਸ਼ਤਿਹਾਰ ਵਿਚ ਯੋਗਤਾ ਦੇ ਮਾਪਦੰਡ ਪੂਰੇ ਕੀਤੇ ਸਨ। 28 ਅਕਤੂਬਰ 2022 ਨੂੰ ਪੰਜਾਬ ਸਰਕਾਰ ਨੇ ਪੰਜਾਬ ਸਿਵਲ ਸਰਵਿਸ ਰੂਲਜ਼ ਨੂੰ ਨੋਟੀਫਾਈ ਕੀਤਾ ਸੀ। ਇਸ ਤਹਿਤ ਗਰੁੱਪ ਸੀ ਦੀਆਂ ਸਾਰੀਆਂ ਸਰਕਾਰੀ ਨੌਕਰੀਆਂ ਲਈ ਪੰਜਾਬੀ ਦੀ ਵਾਧੂ ਪ੍ਰੀਖਿਆ ਲਾਜ਼ਮੀ ਕਰ ਦਿਤੀ ਗਈ ਹੈ।

ਨੋਟੀਫਿਕੇਸ਼ਨ ਜਾਰੀ ਕਰਦਿਆਂ ਰਾਖਵੇਂ ਵਰਗ ਨੂੰ ਕੋਈ ਢਿੱਲ ਨਹੀਂ ਦਿਤੀ ਗਈ। ਇਸ ਤੋਂ ਬਾਅਦ 1 ਦਸੰਬਰ 2022 ਨੂੰ ਇਕ ਸੋਧ ਪੱਤਰ ਜਾਰੀ ਕੀਤਾ ਗਿਆ ਸੀ, ਜਿਸ ਤਹਿਤ ਈ.ਟੀ.ਟੀ ਦੀਆਂ 5994 ਅਸਾਮੀਆਂ ਭਰਨ ਲਈ 12 ਅਕਤੂਬਰ ਨੂੰ ਜਾਰੀ ਇਸ਼ਤਿਹਾਰ 'ਤੇ ਵੀ ਅਮਲ ਕੀਤਾ ਗਿਆ ਸੀ। ਪਟੀਸ਼ਨਰ ਨੇ ਕਿਹਾ ਕਿ ਇਸ ਨੋਟੀਫਿਕੇਸ਼ਨ ਨੂੰ ਕਿਸੇ ਵੀ ਪਹਿਲਾਂ ਜਾਰੀ ਕੀਤੀ ਗਈ ਭਰਤੀ 'ਤੇ ਲਾਗੂ ਕਰਨਾ ਪੂਰੀ ਤਰ੍ਹਾਂ ਗਲਤ ਹੈ। ਅਜਿਹੀ ਸਥਿਤੀ ਵਿਚ ਇਸ ਸੋਧ ਨੂੰ ਰੱਦ ਕਰਨ ਦੇ ਹੁਕਮ ਦਿਤੇ ਜਾਣ ਅਤੇ ਭਰਤੀ ਪ੍ਰਕਿਰਿਆ ਨੂੰ ਵੀ ਰੋਕਿਆ ਜਾਵੇ। ਹਾਈ ਕੋਰਟ ਨੇ ਕਿਹਾ ਕਿ ਇਸ ਪਟੀਸ਼ਨ 'ਚ ਭਰਤੀ ਨੂੰ ਚੁਣੌਤੀ ਦੇਣ ਦਾ ਸੱਭ ਤੋਂ ਮਹੱਤਵਪੂਰਨ ਆਧਾਰ ਇਸ਼ਤਿਹਾਰ ਜਾਰੀ ਹੋਣ ਤੋਂ ਬਾਅਦ ਭਰਤੀ ਪ੍ਰਕਿਰਿਆ 'ਚ ਬਦਲਾਅ ਹੈ। ਇਸ ਸੋਧ ਕਾਰਨ ਕੁੱਝ ਲੋਕ ਜੋ ਪਹਿਲਾਂ ਯੋਗ ਸਨ, ਬਾਅਦ ਵਿਚ ਅਯੋਗ ਹੋ ਗਏ ਅਤੇ ਅਜਿਹੇ ਲੋਕ ਵੀ ਹਨ ਜੋ ਯੋਗ ਹੋਣ ਦੇ ਬਾਵਜੂਦ ਅਪਲਾਈ ਨਹੀਂ ਕਰ ਸਕੇ। ਫਿਲਹਾਲ ਇਹ ਭਰਤੀ ਅੰਤਿਮ ਪੜਾਅ 'ਤੇ ਹੈ ਅਤੇ ਚੁਣੇ ਗਏ ਬਿਨੈਕਾਰਾਂ ਦੀ ਨਿਯੁਕਤੀ ਹੋਣੀ ਬਾਕੀ ਹੈ।



# ਕਿਸਾਨਾਂ ਦੇ 'ਦਿੱਲੀ ਚੱਲੋ ਮਾਰਚ ਨੂੰ ਲੱਗੀ ਬਰੇਕ, 29 ਫਰਵਰੀ ਤੱਕ ਅੰਦੋਲਨ ਮੁਲਤਵੀ

ਲੋਕ ਬਾਣੀ/ ਚੰਡੀਗੜ੍ਹ-

ਦਿੱਲੀ ਚੱਲੋ ਕਿਸਾਨਾਂ ਦਾ ਅੰਦੋਲਨ ਹਾਲ ਦੀ ਘੜੀ ਮੁਲਤਵੀ ਹੋ ਗਿਆ ਹੈ। ਮੀਡੀਆ ਰਿਪੋਰਟਾਂ ਮੁਤਾਬਿਕ, ਸੰਯੁਕਤ ਕਿਸਾਨ ਮੋਰਚਾ (ਗੈਰ-ਸਿਆਸੀ) ਦੇ ਸਿੱਧੂਪੁਰ ਧੜੇ ਨੇ ਦਿੱਲੀ ਮਾਰਚ ਦਾ ਫੈਸਲਾ 29 ਫਰਵਰੀ ਤੱਕ ਮੁਲਤਵੀ ਕਰ ਦਿੱਤਾ ਹੈ। ਇਹ ਐਲਾਨ ਕਿਸਾਨ ਮਜ਼ਦੂਰ ਸੰਘਰਸ਼ ਮੋਰਚਾ ਦੇ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ ਨੇ ਖਨੌਰੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਪੰਧੇਰ ਨੇ ਕਿਹਾ ਕਿ ਇਸ ਦੌਰਾਨ ਕਿਸਾਨ ਹਰਿਆਣਾ ਸਰਹੱਦ 'ਤੇ ਡਟੇ ਰਹਿਣਗੇ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਜਨਤਕ ਸਮਰਥਨ ਲਈ ਕਿਸਾਨ 24 ਫਰਵਰੀ ਨੂੰ ਮੋਮਬੱਤੀ ਮਾਰਚ, 25 ਨੂੰ ਸੈਮੀਨਾਰ, 26 ਨੂੰ ਪਿੰਡ-ਪਿੰਡ ਜਾਗਰੂਕਤਾ, 27 ਨੂੰ ਭਾਈਵਾਲ ਜਥੇਬੰਦੀਆਂ ਨਾਲ ਮੀਟਿੰਗਾਂ, 28 ਨੂੰ ਕਾਨਫਰੰਸ ਅਤੇ 28 ਨੂੰ ਅਗਲੇ ਸੰਘਰਸ਼ ਦਾ ਐਲਾਨ ਕਰਨਗੇ।

# ਐਨਆਰਆਈ ਵਿਦਿਆਸਾਗਰ ਗਰਗ ਨੇ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਦਾ ਦੌਰਾ ਕੀਤਾ

ਲੋਕ ਬਾਣੀ/ ਅਮੁਲਿਆ, ਚੰਡੀਗੜ੍ਹ



ਸ਼ਿਕਾਗੋ-ਇੰਡੀਆਨਾ, ਅਮਰੀਕਾ ਤੋਂ ਆਏ ਐਨਆਰਆਈ ਵਿਦਿਆਸਾਗਰ ਗਰਗ ਨੇ ਮਹਾਰਿਸ਼ੀ ਦਯਾਨੰਦ ਪਬਲਿਕ ਸਕੂਲ ਐਮਡੀਏਵੀ ਭਵਨ, ਦਰੀਆ, ਚੰਡੀਗੜ੍ਹ ਦਾ ਦੌਰਾ ਕੀਤਾ। ਉਨ੍ਹਾਂ ਪੇਂਡੂ ਖੇਤਰਾਂ ਵਿੱਚ ਮੁਹੱਈਆ ਕਰਵਾਈ ਜਾ ਰਹੀ ਉੱਚ ਪੱਧਰੀ ਸਿੱਖਿਆ ਦੀ ਸ਼ਲਾਘਾ ਕੀਤੀ। ਉਨ੍ਹਾਂ ਐਨਆਰਆਈ ਸੁਦਰਸ਼ਨ ਗਰਗ ਵੱਲੋਂ ਬਣਾਈ ਗਈ ਲਾਇਬ੍ਰੇਰੀ, ਕੰਪਿਊਟਰ ਲੈਬ, ਸਾਇੰਸ ਲੈਬ ਅਤੇ ਇਨਡੋਰ ਗੇਮਜ਼ ਹਾਲ ਦਾ ਦੌਰਾ ਕੀਤਾ। ਉਨ੍ਹਾਂ ਹਾਲ ਹੀ ਵਿੱਚ ਬਣਾਏ ਗਏ ਸ਼੍ਰੀਮਤੀ ਸਿਕੰਦਰਾ ਦੇਵੀ ਮਲਟੀਮੀਡੀਆ ਹਾਲ ਦਾ ਵੀ ਦੌਰਾ ਕੀਤਾ। ਉਨ੍ਹਾਂ ਸਕੂਲ ਦੇ ਪ੍ਰਿੰਸੀਪਲ ਡਾ: ਵਿਨੋਦ ਸ਼ਰਮਾ ਅਤੇ ਮੈਨੇਜਰ ਅੰਜੂ ਮੌਦਗਿਲ ਦੀ ਵੀ ਸ਼ਲਾਘਾ ਕੀਤੀ। ਡਾ: ਸ਼ਰਮਾ ਨੇ ਦੱਸਿਆ ਕਿ ਵਿਸ਼ੇਸ਼ ਤੌਰ 'ਤੇ ਐਨ.ਆਰ.ਆਈ. ਸੁਦਰਸ਼ਨ ਗਰਗ, ਅੰਜੂ ਮੌਦਗਿਲ ਅਤੇ ਪ੍ਰਦੀਪ ਕੁਮਾਰ ਦੇ ਸਹਿਯੋਗ ਦੇ ਨਾਲ-ਨਾਲ ਸਾਨੂੰ ਐਨ.ਆਰ.ਆਈ ਡਾ: ਸਰਿਤਾ ਮਹਿਤਾ ਅਤੇ ਐਨ.ਆਰ.ਆਈ ਸੁਸ਼ਮਾ ਮਲਹੋਤਰਾ ਦਾ ਵੀ ਸਹਿਯੋਗ ਮਿਲਦਾ ਹੈ ? ਐਨਆਰਆਈ ਵਿਦਿਆਸਾਗਰ ਗਰਗ ਨੇ ਸਕੂਲ ਨੂੰ ਅਲਮਾਰੀ ਖਰੀਦਣ ਲਈ ਰਾਸ਼ੀ ਵੀ ਦਾਨ ਕੀਤਾ। ਡਾ: ਵਿਨੋਦ ਸ਼ਰਮਾ ਨੇ ਐਨ.ਆਰ.ਆਈ ਵਿਦਿਆਸਾਗਰ ਗਰਗ ਦਾ ਸਕੂਲ ਦਾ ਦੌਰਾ ਕਰਨ ਅਤੇ ਸਹਾਇਤਾ ਪ੍ਰਦਾਨ ਕਰਨ ਲਈ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਸੁਦਰਸ਼ਨ ਗਰਗ ਸਕੂਲ ਦੇ ਪੈਟਰਨ ਹਨ। ਐਨਆਰਆਈ ਵਿਦਿਆਸਾਗਰ ਗਰਗ, ਐਨਆਰਆਈ ਸੁਦਰਸ਼ਨ ਗਰਗ ਦੇ ਵੱਡੇ ਭਰਾ ਹਨ।

# ਇਫਕੋ ਦੁਨੀਆਂ ਦੀ ਨੰ: 1 ਸਹਿਕਾਰੀ ਸੰਸਥਾ

ਲੋਕ ਬਾਣੀ/ ਚੰਡੀਗੜ੍ਹ/ਲੁਧਿਆਣਾ




: ਇੰਡੀਅਨ ਫਾਰਮਰਸ ਫਰਟੀਲਾਈਜ਼ਰ ਕੋਆਪਰੇਟਿਵ ਲਿਮਿਟਡ (ਇਫਕੋ) ਨੂੰ ਮੁੜ ਦੁਨੀਆਂ ਦੀਆਂ ਟਾਪ 300 ਸਹਿਕਾਰਿਤਾਵਾਂ 'ਚ ਪਹਿਲਾ ਸਥਾਨ ਮਿਲਿਆ ਹੈ। ਇਹ ਰੈਂਕਿੰਗ ਹਰੇਕ ਵਿਅਤੀ ਘਰੇਲੂ ਉਤਪਾਦ (ਜੀਡੀਪੀ) 'ਤੇ ਕਾਰੋਬਾਰ ਦੇ ਅਨੁਪਾਤ 'ਤੇ ਅਧਾਰਿਤ ਹੈ। ਇਹ ਦਰਸਾਉਂਦਾ ਹੈ ਕਿ ਇਫਕੋ ਰਾਸ਼ਟਰ ਦੇ ਸਕਲ ਘਰੇਲੂ ਉਤਪਾਦ ਅਤੇ ਆਰਥਿਕ ਵਿਕਾਸ 'ਚ ਮਹੱਤਵਪੂਰਣ ਯੋਗਦਾਨ ਦੇ ਰਿਹਾ ਹੈ। ਇੰਟਰਨੈਸ਼ਨਲ ਕੋਆਪਰੇਟਿਵ ਅਲਾਇੰਸ ਦੀ 12ਵੀਂ ਸਲਾਨਾਂ ਵਰਲਡ ਕੋਆਪਰੇਟਿਵ ਮਾਨਿਟਰ ਰਿਪੋਰਟ ਦੇ 2023 ਐਡਿਸ਼ਨ ਦੇ ਅਨੁਸਾਰ ਇਹ ਦੇਸ਼ ਦੇ ਸਕਲ ਘਰੇਲੂ ਉਤਪਾਦ ਅਤੇ ਆਰਥਿਕ ਵਿਕਾਸ 'ਚ ਇਫਕੋ ਦੇ ਕਾਰੋਬਾਰੀ ਯੋਗਦਾਨ ਨੂੰ ਦਰਸਾਉਂਦਾ ਹੈ। ਕੁੱਲ ਕਾਰੋਬਾਰ ਦੇ ਮਾਮਲੇ 'ਚ ਇਫਕੋ ਪਿਛਲੇ ਵਿੱਤ ਵਰੇ ਦੇ ਆਪਣੇ 97ਵੇਂ ਸਥਾਨ ਦੇ ਮੁਕਾਬਲੇ 72ਵੇਂ ਸਥਾਨ 'ਤੇ ਪਹੁੰਚ ਗਿਆ ਹੈ। ਆਪਣੀ 35,500 ਮੈਂਬਰਸ਼ਿਪ ਸਹਿਕਾਰੀ ਕਮੇਟੀਆਂ, 25,000 ਪੈਕਸ ਅਤੇ 52,400 ਪ੍ਰਧਾਨ ਮੰਤਰੀ ਕਿਸਾਨ ਸਮਰਿਧ ਕੇਂਦਰਾਂ ਦੇ ਨਾਲ ਇਫਕੋ 'ਆਤਮਨਿਰਭਰ ਭਾਰਤ' ਅਤੇ 'ਆਤਮਨਿਰਭਰ ਖੇਤੀ' ਦੇ ਵੱਲ ਅਗਰਸਰ ਸਹਿਕਾਰ ਸੇ ਸਮਰਧਿ ਦਾ ਕਾਮਯਾਬ ਉਦਾਹਰਣ ਹੈ।

ਇਫਕੋ ਨੇ ਪਿਛਲੇ ਕਈ ਸਾਲਾਂ ਤੋਂ ਆਪਣਾ ਟਾਪ ਸਥਾਨ ਬਰਕਰਾਰ ਰੱਖਿਆ ਹੈ ਜਿਹੜਾ ਇਫਕੋ ਅਤੇ ਇਸਦੇ ਪ੍ਰਬੰਧਨ ਦੇ ਸਹਿਕਾਰੀ ਸਿਧਾਂਤਾਂ 'ਚ ਪੱਕੇ ਵਿਸ਼ਵਾਸ ਦਾ ਸਬੂਤ ਹੈ। ਇਸਨੂੰ ਦੇਸ਼ 'ਚ ਮਜਬੂਤ ਸਹਿਕਾਰੀ ਅੰਦੋਲਨ ਦੇ ਪ੍ਰਤੀਕ ਦੇ ਰੂਪ 'ਚ ਵੀ ਦੇਖਿਆ ਜਾ ਸਕਦਾ ਹੈ, ਜਿਸਨੂੰ ਕੇਂਦਰ ਵੱਲੋਂ ਸਹਿਕਾਰਿਤਾ ਮੰਤਰਾਲੇ ਦੇ ਗਠਨ ਅਤੇ ਸ੍ਰੀ ਅਮਿਤ ਸ਼ਾਹ ਜੀ, ਮਾਨਯੋਗ ਗ੍ਰਹਿ ਅਤੇ ਸਹਿਕਾਰਿਤਾ ਮੰਤਰੀ, ਭਾਰਤ ਸਰਕਾਰ ਦੇ ਕੁਸ਼ਲ ਨੇਤਰਿਤਵ ਨਾਲ ਗਤੀ ਮਿਲੀ ਹੈ। ਮੰਤਰਾਲੇ ਵੱਲੋਂ ਕੀਤੀ ਗਈ ਪਹਿਲ ਨਾਲ ਅਨੁਕੂਲ ਮਾਹੌਲ ਬਣਿਆ ਹੈ ਅਤੇ ਭਾਰਤ 'ਚ ਸਹਿਕਾਰਿਤਾ ਅੰਦੋਲਨ ਨੂੰ ਫਲਣ ਫੁੱਲਣ 'ਚ ਮਦਦ ਮਿਲੀ ਹੈ।

ਮਾਨਯੋਗ ਪ੍ਰਧਾਨ ਮੰਤਰੀ ਦੇ ਮਕਸਦ 'ਸਹਿਕਾਰ ਸੇ ਸਮਰਿਧੀ' ਤੋਂ ਪ੍ਰੇਰਣਾ ਲੈਂਦੇ ਹੋਏ ਅਤੇ ਵਿਭਿੰਨ ਫਸਲਾਂ 'ਤੇ ਸਾਲਾਂ ਦੀ ਸਖਤ ਮਿਹਨਤ, ਰਿਸਰਚ ਅਤੇ ਪ੍ਰਯੋਗ ਦੀ ਬਦੌਲਤ ਇਫਕੋ ਨੇ ਕਿਸਾਨਾਂ ਦੇ ਲਈ ਦੁਨੀਆਂ ਦਾ ਪਹਿਲਾ ਨੈਨੋ ਯੂਰੀਆ ਅਤੇ ਨੈਨੋ ਡੀਏਪੀ ਵਿਕਸਿਤ ਕੀਤਾ।ਇਫਕੋ ਨੈਨੋ ਘਟਕਾਂ ਦੇ ਨਾਲ ਨਾਲ ਜੈਵ ਘਟਕ, ਸਾਗਰਿਕਾ ਜਿਹੇ ਜੈਵ ਉਤੇਜਕ ਅਤੇ ਖੇਤੀ ਰਸਾਇਣ ਆਦਿ ਦੇ ਛਿੜਕਾਅ ਦੇ ਲਈ ਸਹਾਇਕ ਉਪਕਰਣ ਅਤੇ ਸਪੇਰਅ ਦੇ ਨਾਲ 2,500 ਖੇਤੀ ਡ੍ਰੋਨ ਖਰੀਦ ਰਿਹਾ ਹੈ। ਇਫਕੋ 5000 ਨਾਲੋਂ ਜਿਆਦਾ ਪੇਂਡੂ ਉਦਮੀਆਂ ਨੂੰ ਸਿਖਲਾਈ ਦੇਵੇਗਾ ਅਤੇ 2500 ਖੇਤੀ ਡ੍ਰੋਨ ਦੀ ਵੰਡ ਕਰੇਗਾ। ਨਾਲ ਹੀ, ਇਫਕੋ ਪਿੰਡ ਪੱਧਰ 'ਤੇ ਯੋਗ ਉਦਗੀਆਂ ਦੀ ਪਛਾਣ ਕਰਨ 'ਚ ਲੱਗਿਆ ਹੈ ਜਿਨ੍ਹਾਂ ਨੂੰ 'ਪਰਮਾਣਿਕ ਚਾਲਕ' ਦੇ ਰੂਪ 'ਚ ਡ੍ਰੋਨ ਉਡਾਉਣ ਦੇ ਲਈ ਟ੍ਰੇਂਡ ਕੀਤਾ ਜਾ ਸਕੇ। ਇਹ ਡ੍ਰੋਨ ਇਨ੍ਹਾਂ ਪੇਂਡੂ ਉਦਮੀਆਂ ਦੇ ਸਿਖਲਾਈ ਵਾਲੇ ਸਥਾਨ ਅਤੇ ਪ੍ਰੋਗਰਾਮ ਦੇ ਅਨੁਸਾਰ ਉਪਲਬਧ ਕਰਾਏ ਜਾਣਗੇ।

# ਮਹਾਰਿਸ਼ੀ ਦਯਾਨੰਦ ਦੇ 200 ਵੇਂ ਜਨਮ ਦਿਨ ਤੇ ਵਿਸ਼ਾਲ ਸ਼ੋਭਾ ਯਾਤਰਾ ਆਯੋਜਿਤ

ਲੋਕ ਬਾਣੀ/ ਚੰਡੀਗੜ੍ਹ





ਕੇਂਦਰੀ ਆਰੀਆ ਸਭਾ ਦੀ ਸਰਪ੍ਰਸਤੀ ਹੇਠ ਆਰੀਆ ਸਮਾਜ ਸੈਕਟਰ 7 ਵਿਖੇ ਮਹਾਰਿਸ਼ੀ ਦਯਾਨੰਦ ਸਰਸਵਤੀ ਦਾ 200ਵਾਂ ਜਨਮ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਤੇ ਵਿਸ਼ਾਲ ਸ਼ੋਭਾ ਯਾਤਰਾ ਆਯੋਜਿਤ ਕੀਤੀ ਗਈ । ਇਸ ਦਾ ਉਦਘਾਟਨ ਆਰੀਆ ਪ੍ਰਦੇਸ਼ ਪ੍ਰਤੀਨਿਧੀ ਉਪ ਸਭਾ ਦੇ ਪ੍ਰਧਾਨ ਐਚ.ਆਰ ਗੰਧਾਰ, ਸਵਾਮੀ ਸੰਪੂਰਨਾਨੰਦ, ਰਵਿੰਦਰ ਤਲਵਾਰ ਅਤੇ ਆਰਸੀ ਜੀਵਨ ਨੇ ਗੁੱਬਾਰੇ ਉਡਾ ਕੇ ਕੀਤਾ। ਇਹ ਸ਼ੋਭਾ ਯਾਤਰਾ ਆਰੀਆ ਸਮਾਜ ਤੋਂ ਸ਼ੁਰੂ ਹੋਇ। ਇਸ ਵਿੱਚ ਚੰਡੀਗੜ੍ਹ, ਪੰਚਕੂਲਾ, ਮੁਹਾਲੀ, ਰੋਪੜ ਡੇਰਾਬੱਸੀ ਅਤੇ ਸੂਰਜਪੁਰ ਦੀਆਂ ਡੀਏਵੀ ਅਤੇ ਆਰੀਆ ਸਿੱਖਿਆ ਸੰਸਥਾਵਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸ਼ੋਭਾ ਯਾਤਰਾ ਦੌਰਾਨ ਆਰੀਆ ਸੰਸਥਾਵਾਂ ਅਤੇ ਆਰੀਆ ਸਮਾਜ ਵੱਲੋਂ ਬਹੁਤ ਹੀ ਆਕਰਸ਼ਕ ਝਾਕੀ ਪੇਸ਼ ਕੀਤੀ ਗਈ। ਇਸ ਵਿਚ ਵੈਦਿਕ ਧਰਮ ਵਿਚ ਵਿਸ਼ਵਾਸ ਵਿਸ਼ੇਸ਼ ਤੌਰ ਤੇ ਦਿਖਾਇਆ ਗਿਆ ਸੀ। ਝਾਕੀ ਵਿਸ਼ੇਸ਼ ਤੌਰ 'ਤੇ ਸਵਾਮੀ ਦਯਾਨੰਦ, ਵੇਦ, ਯੱਗ, ਦੇਸ਼ ਭਗਤੀ, ਆਰੀਅਨ ਪਰੰਪਰਾ ਅਤੇ ਸਵੱਛ ਵਾਤਾਵਰਣ 'ਤੇ ਕੇਂਦਰਿਤ ਸੀ। ਇਸ ਸ਼ੋਭਾ ਯਾਤਰਾ ਵਿੱਚ ਘੋੜਿਆਂ 'ਤੇ ਸਵਾਰ ਲੜਕੀਆਂ ਹੱਥਾਂ ਵਿੱਚ ਝੰਡੇ ਲੈ ਕੇ ਜੈ ਦੇ ਜੈਕਾਰੇ ਲਾਉਂਦੀਆਂ ਅੱਗੇ ਵਧ ਰਹੀਆਂ ਸਨ। ਸ਼ੋਭਾ ਯਾਤਰਾ ਸੈਕਟਰ 7, 8,18 ਅਤੇ 19 ਦੇ ਬਾਜ਼ਾਰ ਵਿੱਚੋਂ ਦੀ ਲੰਘ ਕੇ ਆਰੀਆ ਸਮਾਜ ਸੈਕਟਰ 19 ਵਿਖੇ ਸਮਾਪਤ ਹੋਈ। ਯਾਤਰਾ ਦੌਰਾਨ ਵੱਡੀ ਗਿਣਤੀ ਵਿੱਚ ਵੈਦਿਕ ਸਾਹਿਤ ਵੀ ਵੰਡਿਆ ਗਿਆ। ਪ੍ਰੋਗਰਾਮ ਦੀ ਸਮਾਪਤੀ ਤੋਂ ਪਹਿਲਾਂ ਕੇਂਦਰੀ ਆਰੀਆ ਸਭਾ ਦੇ ਪ੍ਰਧਾਨ ਰਵਿੰਦਰ ਤਲਵਾੜ ਨੇ ਹਾਜ਼ਰ ਪਤਵੰਤਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਅਚਾਰੀਆ ਡਾ: ਸੁਸ਼ਰੁਤ ਸਮਾਸ਼ਰਮੀ, ਪੰਡਿਤ ਨਰੇਸ਼ ਆਰੀਆ, ਪ੍ਰਕਾਸ਼ਚੰਦਰ ਸ਼ਰਮਾ, ਡਾ: ਵਿਨੋਦ ਕੁਮਾਰ, ਵਿਸ਼ਾਲ ਖੰਡੂਜਾ, ਡਾ: ਅਜੇ ਗੁਪਤਾ, ਯੋਗਰਾਜ ਚੌਧਰੀ, ਕ੍ਰਿਸ਼ਨ ਆਰੀਆ, ਕਰਨਲ ਧਰਮਵੀਰ, ਪਵਨ ਕੁਮਾਰ ਪਾਲ, ਮਧੂ ਬਹਿਲ, ਸੁਮੇਧਾ ਮਹਾਜਨ, ਜੋਤਿਕਾ ? , ਜਸਕਿਰਨ., ਰੋਜ਼ੀ ਸ਼ਰਮਾ ਆਦਿ ਵੀ ਹਾਜ਼ਰ ਸਨ। ਯਾਤਰਾ ਦੇ ਅੰਤ ਵਿੱਚ ਅਤੁੱਟ ਲੰਗਰ ਵੀ ਵਰਤਾਇਆ ਗਿਆ।

# ਖ਼ਾਲਸਾ ਕਾਲਜ ਦੇ ਵਿਦਿਆਰਥੀਆਂ ਦੀਆਂ ਕਾਬਿਲੇ ਤਾਰੀਫ਼ ਪ੍ਰਾਪਤੀਆਂ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 24 ਫ਼ਰਵਰੀ (ਦਵਿੰਦਰਪਾਲ ਸਿੰਘ)




ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਵਿਦਿਆਰਥੀਆਂ ਨੇ ਕਾਬਿਲੇ ਤਾਰੀਫ਼ ਪ੍ਰਾਪਤੀਆਂ ਕੀਤੀਆਂ ਹਨ। ਇੰਸਟੀਚਿਊਸ਼ਨਜ਼ ਇਨੋਵੇਸ਼ਨ ਕੌਂਸਲ,ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ,ਸ੍ਰੀ ਅਨੰਦਪੁਰ ਸਾਹਿਬ ਦੀ ਸਰਪ੍ਰਸਤੀ ਹੇਠ ਇੰਡੀਅਨ ਇੰਸਟੀਚਿਊਟ ਆਫ ਟੈਕਨੋਲੋਜੀ ਰੋਪੜ ਵਿਖੇ ਆਈ.ਹੱਬ ਦੁਆਰਾ ਕਰਵਾਏ ਗਏ ਸਮਰਿਧੀ 3.0 ਇਨੋ ਕੁਐਸਟ ਇਵੈਂਟ ਵਿੱਚ ਖਾਲਸਾ ਕਾਲਜ ਦੇ ਬੀ.ਐੱਸ.ਸੀ ਖੇਤੀਬਾੜੀ ਵਿਭਾਗ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜਿਸ ਵਿੱਚ "ਵਾਟਰ ਸ਼ੈੱਡ ਪ੍ਰਬੰਧਨ" ਅਤੇ "ਪਸ਼ੂਆਂ ਦੀ ਸਿਹਤ ਦੀ ਨਿਗਰਾਨੀ ਅਤੇ ਪ੍ਰਬੰਧਨ" 'ਤੇ ਵੱਖ-ਵੱਖ ਮਾਡਲ ਪੇਸ਼ ਕੀਤੇ। ਇਸ ਪ੍ਰੋਗਰਾਮ ਵਿੱਚ ਵੱਖ ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ। ਜਿਹਨਾਂ ਵਿੱਚੋਂ ਖ਼ਾਲਸਾ ਕਾਲਜ ਦੇ ਵਿਦਿਆਰਥੀ ਬਨੀਤਾ ਸ਼ਰਮਾ,ਜੈਸਮੀਨ ਰਾਣਾ, ਰਾਜਵਿੰਦਰ ਕੌਰ, ਅਨਮੋਲ ਸਿੰਘ, ਸਾਹਿਲ, ਹਰਸਿਮਰਨ ਕੌਰ ਅਤੇ ਮਨਪ੍ਰੀਤ ਕੌਰ ਨੇ ਦੂਸਰਾ ਸਥਾਨ ਹਾਸਲ ਕੀਤਾ। ਇਸ ਦੌਰਾਨ ਵਿੱਦਿਆਰਥੀਆਂ ਨੂੰ ਇਨਾਮ ਵਜੋਂ 2500/ ਰੁਪਏ ਦੀ ਰਾਸ਼ੀ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਵਿਦਿਆਰਥੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਅਤੇ ਕਿਹਾ ਕਿ ਇਹ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਅਤੇ ਸਮੂਹ ਸਟਾਫ ਦਾ ਸਹਿਯੋਗ ਹੈ। ਜੋ ਖ਼ਾਲਸਾ ਕਾਲਜ ਦੇ ਵਿਦਿਆਰਥੀ ਦਿਨ ਪ੍ਰਤੀ ਦਿਨ ਮਾਣਮੱਤੀਆਂ ਪ੍ਰਾਪਤੀਆਂ ਕਰ ਰਹੇ ਹਨ। ਭਵਿੱਖ ਵਿੱਚ ਵੀ ਵਿਦਿਆਰਥੀਆਂ ਲਈ ਅਜਿਹੇ ਉਪਰਾਲੇ ਕੀਤੇ ਜਾਂਦੇ ਰਹਿਣਗੇ ਤਾਂ ਜੋ ਵਿਦਿਆਰਥੀ ਆਪਣੇ ਭਵਿੱਖ ਨੂੰ ਉੱਜਲ ਬਣਾ ਸਕਣ। ਇਸ ਮੌਕੇ ਖੇਤੀਬਾੜੀ ਵਿਭਾਗ ਦੇ ਮੁਖੀ ਡਾ. ਭਾਵਨਾ ਠਾਕੁਰ, ਡਾ. ਸਰਵਣ ਕੁਮਾਰ ਅਤੇ ਪ੍ਰੋ. ਸਨਮਪ੍ਰੀਤ ਵਿਸ਼ੇਸ ਤੌਰ ਤੇ ਹਜ਼ਾਰ ਸਨ।

# ਮਾਈਟੀ ਖਾਲਸਾ ਸਕੂਲ ਵਿਚ ਸਾਬਕਾ ਐਨ ਆਈ ਐਸ ਕ੍ਰਿਕਟ ਕੋਚ ਸਨਦੀਪ ਸਿੰਘ ਦੇਣਗੇ ਕ੍ਰਿਕਟ ਦੀ ਪ੍ਰੋਫੈਸ਼ਨਲ ਟ੍ਰੇਨਿੰਗ

## ਗੁਰੂ ਨਗਰੀ ਵਿਚ ਕ੍ਰਿਕਟ ਨੂੰ ਪ੍ਰਫੁਲਿਤ ਕਰਨ ਲਈ ਸਕੂਲ ਵੱਲੋਂ ਲੁਧਿਆਣਾ ਦੀ ਕ੍ਰਿਕਟ ਅਕੈਡਮੀ ਨਾਲ ਇਕਰਾਰ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 24 ਫਰਵਰੀ (ਦਵਿੰਦਰਪਾਲ ਸਿੰਘ)





ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵੱਲੋਂ ਆਪਣੇ ਨਵੇਂ ਸੈਸ਼ਨ ਵਿਚ ਵਿਦਿਆਰਥੀਆਂ ਦੀ ਮਾਨਸਿਕ, ਸ਼ਰੀਰਕ, ਬੌਧਿਕ ਅਤੇ ਅਧਿਆਤਮਕ ਪ੍ਰਫੁਲਤਾ ਲਈ ਨਵੇਂ ਕਾਰਜ ਆਰੰਭੇ ਜਾ ਰਹੇ ਹਨ। ਇਨ੍ਹਾਂ ਕਾਰਜਾਂ ਦੀ ਜਾਣਕਾਰੀ ਦਿੰਦੇ ਹੋਏ ਸਕੂਲ ਦੇ ਡਾਇਰੈਕਟਰ ਡਾ. ਅਮਿਤੋਜ ਸਿੰਘ ਵੱਲੋਂ ਦੱਸਿਆ ਗਿਆ ਕਿ ਪਿਛਲੇ ਕੁਝ ਸਾਲਾਂ ਤੋਂ ਉਨ੍ਹਾਂ ਵੱਲੋਂ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਗੁਰੂ ਨਗਰੀ ਵਿਚ ਬਾਕੀ ਸ਼ਹਿਰਾਂ ਵਾਂਗ ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤ ਦਿਤੀ ਜਾਵੇ। ਇਸੇ ਕਰਕੇ ਉਨ੍ਹਾਂ ਵੱਲੋਂ ਸਕੂਲ ਵਿਚ ਸਟੈੱਮ ਲੈਬ, ਸਪੇਸ ਲੈਬ, ਪ੍ਰੈਕਟੀਕਲ ਟਰੇਨਿੰਗ ਵਰਕਸ਼ਾਪਸ, ਪ੍ਰਦਰਸ਼ਨੀਆਂ, ਨੈਸ਼ਨਲ ਅਤੇ ਇੰਟਰਨੈਸ਼ਨਲ ਐਕਸਪੋਜ਼ਰ ਆਦਿ ਦੀ ਸ਼ੁਰੂਆਤ ਕੀਤੀ ਗਈ ਸੀ। ਇਨ੍ਹਾਂ ਗਤੀਵਿਧੀਆਂ ਕਰਕੇ ਵੱਖ ਵੱਖ ਸੰਸਥਾਵਾਂ ਵੱਲੋਂ ਸਕੂਲ ਨੂੰ ਬਹੁਤ ਸਾਰੇ ਐਵਾਰਡਸ ਨਾਲ ਸਨਮਾਨਿਆ ਵੀ ਗਿਆ ਹੈ। ਇਨ੍ਹਾਂ ਗਤੀਵਿਧੀਆਂ ਦੇ ਨਾਲ ਨਾਲ ਹੁਣ ਸਕੂਲ ਵੱਲੋਂ ਵਿਦਿਆਰਥੀਆਂ ਦੀ ਸਖਸ਼ੀਅਤ ਉਸਾਰੀ ਲਈ ਨਵੇਂ ਸੈਸ਼ਨ ਵਿਚ ਹੋਰ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਉਪਰਾਲਿਆਂ ਵਿਚ ਸਕੂਲ ਵੱਲੋਂ ਵਿਦਿਆਰਥੀਆਂ ਦੇ ਲਈ ਪ੍ਰੋਫੈਸ਼ਨਲ ਕ੍ਰਿਕਟ ਦੀ ਕੋਚਿੰਗ ਦਾ ਪ੍ਰਬੰਧ ਕੀਤਾ ਗਿਆ ਹੈ। ਗੌਰਤਲਬ ਹੈ ਕਿ ਸਮੇਂ ਸਮੇਂ ਤੇ ਸ੍ਰੀ ਅਨੰਦਪੁਰ ਸਾਹਿਬ ਵਿਚ ਕ੍ਰਿਕਟ ਦੀ ਪ੍ਰੋਫੈਸ਼ਨਲ ਟ੍ਰੇਨਿੰਗ ਦੀ ਬਹੁਤ ਘਾਟ ਮਹਿਸੂਸ ਹੁੰਦੀ ਰਹੀ ਹੈ ਜਿਸ ਕਰਕੇ ਇਥੋਂ ਦੇ ਵਿਦਿਆਰਥੀਆਂ ਨੂੰ ਬਾਹਰ ਸ਼ਹਿਰਾਂ ਵਿਚ ਟੂਰਨਾਮੈਂਟਸ ਵਿਚ ਖੇਡਣ ਦਾ ਬਹੁਤਾ ਮੌਕਾ ਨਹੀਂ ਮਿਲ ਸਕਿਆ ਹੈ। ਇਸੇ ਘਾਟ ਨੂੰ ਪੂਰਾ ਕਰਨ ਲਈ ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵੱਲੋਂ ਲੁਧਿਆਣਾ ਦੀ ਇਕ ਪ੍ਰੋਫੈਸ਼ਨਲ ਕ੍ਰਿਕਟ ਅਕੈਡਮੀ ਨਾਲ ਟਾਈ-ਅਪ ਕੀਤਾ ਗਿਆ ਹੈ। ਇਸ ਅਕੈਡਮੀ ਦੇ ਕੋਚ ਸਨਦੀਪ ਸਿੰਘ ਮਾਈਟੀ ਖਾਲਸਾ ਇੰਟਰਨੈਸ਼ਨਲ ਸਕੂਲ ਵਿਚ ਆ ਕੇ ਵਿਦਿਆਰਥੀਆਂ ਨੂੰ ਟ੍ਰੇਨਿੰਗ ਦੇਣਗੇ। ਸਨਦੀਪ ਸਿੰਘ ਨੈਸ਼ਨਲ ਇੰਸਟੀਚਿਊਟ ਆਫ ਸਪੋਰਟਸ ਪਟਿਆਲਾ (ਐਨ. ਆਈ. ਐਸ.) ਵਿਚ ਕ੍ਰਿਕਟ ਕੋਚ ਵੱਜੋਂ ਕੰਮ ਕਰ ਚੁਕੇ ਹਨ। ਸਨਦੀਪ ਸਿੰਘ ਪਿਛਲੇ 15 ਸਾਲ ਤੋਂ ਵੱਖ ਵੱਖ ਅਕੈਡਮੀਆਂ ਜਿਵੇਂ ਕਿ ਪਠਾਨ ਕ੍ਰਿਕਟ ਅਕੈਡਮੀ, ਐਸ ਅਕੈਡਮੀ ਆਦਿ ਵਿਚ ਕ੍ਰਿਕਟ ਦੀ ਕੋਚਿੰਗ ਦੇ ਚੁੱਕੇ ਹਨ। ਡਾ. ਅਮਿਤੋਜ ਸਿੰਘ ਵੱਲੋਂ ਯਕੀਨ ਦਵਾਇਆ ਗਿਆ ਕਿ ਜਿਵੇਂ ਪਿਛਲੇ ਸਮਿਆਂ ਵਿਚ ਹਾਕੀ, ਸ਼ੂਟਿੰਗ, ਵੇਟ ਲਿਫਟਿੰਗ, ਬਾਕਸਿੰਗ ਆਦਿ ਵਿਚ ਵਿਦਿਆਰਥੀਆਂ ਵੱਲੋਂ ਵੱਡੇ ਕਾਰਨਾਮੇ ਦਿਖਾਏ ਗਏ ਉਸੇ ਤਰ੍ਹਾਂ ਕ੍ਰਿਕਟ ਵਿਚ ਵੀ ਰਾਜ ਪੱਧਰ ਅਤੇ ਨੈਸ਼ਨਲ ਪੱਧਰ ਤੇ ਨਵੇਂ ਕਿਰਤੀਮਾਨ ਸਥਾਪਿਤ ਕੀਤੇ ਜਾਣਗੇ। ਇਸੇ ਤਰ੍ਹਾਂ ਆਉਣ ਵਾਲੇ ਸਮੇਂ ਵਿਚ ਉਹ ਹੋਰ ਵੀ ਨਵੇਂ ਕਰਜ ਆਰੰਭ ਕਰਨ ਦੀ ਘੋਸ਼ਣਾ ਕਰਨਗੇ। ਉਨ੍ਹਾਂ ਵੱਲੋਂ ਲਿਮਕੋ ਇੰਟਰਨੈਸ਼ਨਲ ਲੁਧਿਆਣਾ ਤੋਂ ਅਮਿਤੇਸ਼ਵਰ ਸਿੰਘ ਦਾ ਇਸ ਟਾਈ-ਅਪ ਵਿਚ ਅਹਿਮ ਭੂਮਿਕਾ ਨਿਭਾਉਣ ਲਈ ਧੰਨਵਾਦ ਕੀਤਾ ਗਿਆ।



## ਖਨੌਰੀ ਸਰਹੱਦ ਤੇ ਕਿਸ਼ਾਨ ਅੰਦੋਲਨ ਦੌਰਾਨ ਮਾਰੇ ਗਏ ਨੌਜੁਆਨ ਕਿਸ਼ਾਨ ਸੁੱਭਕਰਨ ਸਿੰਘ ਦੀ ਯਾਦ ਵਿੱਚ ਮੰਡਲ ਕਾਂਗਰਸ ਵਲੋਂ ਕੱਢਿਆ ਮੌਮਬੱਤੀ ਮਾਰਚ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ 23 ਫਰਵਰੀ (ਦਵਿੰਦਰਪਾਲ ਸਿੰਘ)

: ਕਿਸ਼ਾਨ ਅੰਦੋਲਨ ਦੌਰਾਨ ਖਨੌਰੀ ਸਰਹੱਦ ਤੇ ਹਰਿਆਣਾ ਪੁਲਿਸ ਵਲੋਂ ਕੀਤੀ ਗੋਲੀਬਾਰੀ ਦੌਰਾਨ ਮਾਰੇ ਗਏ ਜਿਲ੍ਹਾ ਬਠਿੰਡਾ ਦੇ ਪਿੰਡ ਬੱਲੋ ਨਾਲ ਸਬੰਧਿਤ 21 ਸਾਲਾ ਨੌਜੁਆਨ ਕਿਸ਼ਾਨ ਸੁੱਭਕਰਨ ਸਿੰਘ ਨੂੰ ਸਰਧਾਂਜਲੀ ਦੇਣ ਲਈ ਪੰਜਾਬ ਕਾਂਗਰਸ ਦੇ ਸੱਦੇ ਤੇ ਅਤੇ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਰਾਣਾ ਕੰਵਰਪਾਲ ਸਿੰਘ ਦੇ ਦਿਸ਼ਾ—ਨਿਰਦੇਸ਼ਾ ਹੇਠ ਮੰਡਲ ਕਾਂਗਰਸ ਕਮੇਟੀ ਵਲੋਂ ਮੰਡਲ ਪ੍ਰਧਾਨ ਕਮਲਦੀਪ ਕੌਰ ਸੈਣੀ ਦੀ ਅਗਵਾਈ ਹੇਠ ਮੌਮਬੱਤੀ ਮਾਰਚ ਕੱਢਿਆ ਗਿਆ। ਮੰਡਲ ਪ੍ਰਧਾਨ ਬੀਬੀ ਸੈਣੀ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਪੰਜਾਬ ਨਾਲ ਮਤ੍ਰੇਈ ਮਾਂ ਵਾਲਾ ਸਲੂਕ ਕਰ ਰਹੀ ਹੈ। ਤੇ ਆਪਣੀਆਂ ਹੱਕੀ ਮੰਗਾਂ ਲਈ ਸਘੰਰਸ਼ ਕਰਨ ਵਾਲੇ ਨੌਜੁਆਨਾਂ ਨੂੰ ਕਦੇ ਖਾਲਿਸਤਾਨੀ ਅਤੇ ਕਦੇ ਅੱਤਵਾਦੀ ਕਿਹਾ ਜਾ ਰਿਹਾ ਹੈ। ਜ਼ੋ ਕਿ ਬਹੁਤ ਹੀ ਮੰਦਭਾਗਾ ਹੈ। ਉਹਨਾਂ ਕਿਹਾ ਕਿ ਦੇਸ਼ ਦੀ ਆਜਾਦੀ ਵਿੱਚ ਸਾਰਿਆਂ ਤੋਂ ਵੱਡਾ ਯੋਗਦਾਨ ਪੰਜਾਬੀਆਂ ਦਾ ਹੈ ਤੇ ਦੇਸ਼ ਦਾ ਅੰਨ ਭੰਡਾਰ ਵੀ ਪੰਜਾਬ ਹੈ। ਸ਼ਾਇਦ ਦੇਸ਼ ਦੇ ਪ੍ਰਧਾਨ ਮੰਤਰੀ ਇਹ ਗੱਲ ਭੁੱਲ ਗਏ ਹਨ। ਉਹਨਾਂ ਜਿੱਥੇ ਸੁ ?ਭਕਰਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਉੱਥੇ ਹੀ ਮੰਗ ਕੀਤੀ ਕਿ ਕਿਸ਼ਾਨੀ ਮੰਗਾਂ ਨੂੰ ਪਹਿਲ ਦੇ ਆਧਾਰ ਤੇ ਮੰਨ ਕੇ ਮਸ਼ਲਾ ਹੱਲ ਕੀਤਾ ਜਾਵੇ।

ਇਸ ਮੌਕੇ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਪ੍ਰੇਮ ਸਿੰਘ ਬਾਸੋਵਾਲ, ਅਨੀਤਾ ਦੇਵੀ, ਨੰਬਰਦਾਰ ਕੁਲਦੀਪ ਸਿੰਘ, ਮੋਹਨ ਸਿੰਘ ਭਸ਼ੀਨ, ਮੁਕੇਸ਼ ਕੁਮਾਰ ਛੰਨੂੰ, ਕੌਸ਼ਲਰ ਗੁਰਿੰਦਰ ਸਿੰਘ ਵਾਲੀਆ, ਪ੍ਰਵੇਸ਼ ਮਹਿਤਾ, ਪ੍ਰੇਮ ਸਿੰਘ ਸਿੱਧੂ, ਅਰੂਦੀਪ ਸੋਨੂੰ, ਚੌਧਰੀ ਪਹੂ ਲਾਲ ਲਖੇੜ, ਲੱਕੀ ਰਾਣਾ, ਚੰਦਨ ਨੱਡਾ, ਫੁੱਲਵਿੰਦਰ ਸਿੰਘ, ਰਾਮ ਕੁਮਾਰ ਸ਼ਰਮਾ, ਪਵਨ ਰਾਣਾ, ਕੁਲਦੀਪ ਸਿੰਘ ਬੰਗਾ, ਆਦਿ ਕਾਂਗਰਸੀ ਹਾਜਰ ਸਨ।

## ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਗੁਰਦਾਸਪੁਰ ਵਿੱਚ ਵੱਖ ਵੱਖ ਥਾਵਾਂ ਤੇ ਪੁੱਤਲੇ ਸਾੜਕੇ ਕੇਂਦਰ ਸਰਕਾਰ ਖ਼ਿਲਾਫ਼ ਕੀਤਾ ਰੋਸ ਪ੍ਰਦਰਸ਼ਨ

### ਕਿਸਾਨਾਂ ਉਪਰ ਤਸ਼ੱਦਦ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਦੀ ਕੀਤੀ ਮੰਗ



ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ -

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਅੱਜ ਗੁਰਦਾਸਪੁਰ ਜ਼ਿਲ੍ਹੇ ਅੰਦਰ ਕਿਸਾਨਾਂ , ਮਜ਼ਦੂਰਾਂ, ਵਿਦਿਆਰਥੀਆਂ, ਮੁਲਾਜ਼ਮਾਂ ਨੇ ਕੇਂਦਰ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਖ਼ਿਲਾਫ਼ ਵੱਖ ਵੱਖ ਥਾਵਾਂ ਤੇ ਹਰਿਆਣਾ ਸਰਕਾਰ ਅਤੇ ਮੋਦੀ ਸਰਕਾਰ ਦੇ ਪੁਤਲੇ ਸਾੜਕੇ ਰੋਸ਼ ਪ੍ਰਗਟ ਕੀਤਾ ਗਿਆ। ਗੁਰੂ ਨਾਨਕ ਪਾਰਕ ਗੁਰਦਾਸਪੁਰ ਵਿਖੇ ਵੱਖ ਵੱਖ ਆਗੂਆਂ ਨੇ ਸੁਖਦੇਵ ਸਿੰਘ ਭਾਗੋਕਾਵਾਂ, ਤਰਲੋਕ ਸਿੰਘ ਬਹਿਰਾਮਪੁਰ, ਕਪੂਰ ਸਿੰਘ ਘੁੰਮਣ, ਬਲਵੀਰ ਸਿੰਘ ਪੀਰਾਂਬਾਗ , ਰੂਪ ਸਿੰਘ ਪੱਡਾ ਜੋਗਿੰਦਰ ਪਾਲ ਪਨਿਆੜ, ਧਿਆਨ ਸਿੰਘ ਠਾਕੁਰ ਦੀ ਅਗਵਾਈ ਹੇਠ ਕਾਲਾ ਦਿਵਸ ਮਨਾਉਂਦਿਆਂ ਇੱਕ ਰੋਸ ਰੈਲੀ ਕੀਤੀ ਜਿਸਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕੇਂਦਰ ਸਰਕਾਰ ਅਤੇ ਹਰਿਆਣਾ ਸਰਕਾਰ ਵੱਲੋਂ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ ਕਰ ਰਹੇ ਕਿਸਾਨਾਂ ਉਪਰ ਜ਼ਬਰ ਜ਼ੁਲਮ ਦੀਆਂ ਹੱਦਾਂ ਪਾਰ ਕਰ ਕੇ ਗੋਲੀਆਂ ਮਾਰਨ, ਟਰੈਕਟਰ ਤੇ ਹੋਰ ਵਾਹਨਾਂ ਦਾ ਨੁਕਸਾਨ ਕਰਨ ਦੀ ਪੁਰਜ਼ੋਰ ਨਿੰਦਾ ਕੀਤੀ। ਇਸ ਮੌਕੇ ਹਰਿਆਣਾ ਪੁਲਿਸ ਹੱਥੋਂ ਸ਼ਹੀਦ ਹੋਏ ਕਿਸਾਨ ਸੁਭਕਰਣ ਦੇ ਕਾਤਲਾਂ ਨੂੰ ਸਜ਼ਾ ਦਿਵਾਉਣ, ਹਰਿਆਣਾ ਦੇ ਮੁੱਖ ਮੰਤਰੀ, ਗ੍ਰਹਿ ਮੰਤਰੀ ਵਿਰੁੱਧ ਕਤਲ ਕੇਸ ਦਾ ਪਰਚਾ ਦਰਜ਼ ਕਰਨ ਅਤੇ ਸ਼ਹੀਦ ਕਿਸਾਨ ਦੇ ਵਾਰਸਾਂ ਨੂੰ ਢੁਕਵਾਂ ਮੁਆਵਜ਼ਾ ਦੇਣ ਦੀ ਮੰਗ ਕੀਤੀ ਗਈ। ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਨੂੰ ਲਾਗੂ ਕਰਨ ਲਈ 26 ਫਰਵਰੀ ਨੂੰ ਨੈਸ਼ਨਲ ਹਾਈਵੇ ਉਪਰ ਟਰੈਕਟਰ ਪ੍ਰਦਰਸ਼ਨ ਕਰਨ ਲਈ ਸਮੂਹ ਲੋਕਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ। ਆਗੂਆਂ ਹਰਿਆਣਾ ਸਰਕਾਰ ਵੱਲੋਂ ਕਿਸਾਨਾਂ ਉਪਰ ਐਨ ਐਸ ਏ ਲਗਾਉਣ ਦੀਆਂ ਧਮਕੀਆਂ ਦਾ ਸਖ਼ਤ ਨੋਟਿਸ ਲਿਆ ਹੈ। ਇਸ ਮੌਕੇ ਅਮਰਜੀਤ ਸ਼ਾਸਤਰੀ ਮੁਖਤਿਆਰ ਸਿੰਘ ਮੱਲੀਆਂ, ਅਜੀਤ ਸਿੰਘ ਹੁੰਦਲ,ਸਤਿੰਦਰ ਸਿੰਘ ਕਾਹਲੋ, ,ਅਮਰ ਕ੍ਰਾਂਤੀ, ਅਵਿਨਾਸ਼ ਸਿੰਘ, ਜੋਗਿੰਦਰ ਪਾਲ ਘੁਰਾਲਾ, ਬਲਵੀਰ ਸਿੰਘ ਬਿੱਲਾ, ਬਲਪ੍ਰੀਤ ਸਿੰਘ ਘੁਰਾਲਾ ਗੁਰਵਿੰਦਰ ਸਿੰਘ ਹਰਪ੍ਰੀਤ ਸਿੰਘ ਗੋਨਿਆਣਾ, ਬਲਜਿੰਦਰ ਸਿੰਘ ਅਮਰਜੀਤ ਸਿੰਘ ਓਗਰਾ ਲਖਵਿੰਦਰ ਸਿੰਘ, ਮਨਜੀਤ ਸਿੰਘ ਸੁਨੀਲ ਕੁਮਾਰ ਹਾਜ਼ਰ ਸਨ।

## ਅਣ-ਏਡਿਡ ਸਟਾਫ ਫਰੰਟ ਪੰਜਾਬ ਜਿਲਾ ਗੁਰਦਾਸਪੁਰ ਨੇ ਕੀਤੀ ਕੈਬਿਨੇਟ ਮੰਤਰੀ ਕੁਲਦੀਪ ਧਾਲੀਵਾਲ ਨਾਲ ਕੀਤੀ ਮੁਲਾਕਾਤ

ਲੋਕ ਬਾਣੀ/ ਗੁਰਦਾਸਪੁਰ - ਨਵਨੀਤ ਕੁਮਾਰ



- ਅੱਜ ਅਣ-ਏਡਿਡ ਸਟਾਫ ਫਰੰਟ ਪੰਜਾਬ ਜਿਲਾ ਗੁਰਦਾਸਪੁਰ ਦੀ ਟੀਮ ਵਲੋਂ ਮਾਨਯੋਗ ਪੰਚਾਇਤ ਤੇ ਐਨ ਆਰ ਆਈ ਕੈਬਿਨੇਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਜੀ ਨਾਲ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਨੂੰ ਆਪਣੀ ਯੂਨੀਅਨ ਦੀਆਂ ਮੰਗਾਂ ਪ੍ਰਤੀ ਜਾਣੂ ਕਰਵਾਉਂਦਿਆਂ ਮੰਗ ਪੱਤਰ ਸੌਂਪਿਆ ਗਿਆ ਅਤੇ ਇਹਨਾਂ ਮੰਗਾਂ ਨੂੰ ਜਲਦੀ ਲਾਗੂ ਕਰਨ ਲਈ ਬੇਨਤੀ ਕੀਤੀ ਗਈ। ਉਹਨਾਂ ਨੇ ਸਾਡੀਆਂ ਮੰਗਾਂ ਨੂੰ ਜਲਦੀ ਮੰਨਣ ਤੇ ਸਿੱਖਿਆ ਮੰਤਰੀ ਪੰਜਾਬ ਸਰਦਾਰ ਹਰਜੋਤ ਸਿੰਘ ਬੈਂਸ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਗਿਆ । ਇਸ ਮੋਕੇ ਸੁਖਚੈਨ ਸਿੰਘ ਸੀਨੀਅਰ ਮੀਤ ਪ੍ਰਧਾਨ ਸਟੇਟ ਕਮੇਟੀ ,ਨਵਨੀਤ ਕੁਮਾਰ , ਸੁਖਦੇਵ ਸਿੰਘ , ਯੋਗੇਸ਼ ਕੁਮਾਰ ਖਜਾਨਚੀ , ਰਾਜ ਕੁਮਾਰ ਜੀ ਅਤੇ ਵਿਸ਼ਾਲ ਜੀ ਹਾਜਿਰ ਸਨ।



publisher/chief Editor
Aman Mehra
lok bani (news Paper)
lokbani08@gmail.com
www.lokbani.com
mob:99155-94111

Head Office:
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक , प्रकाशक , प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008




# ਵਧੀਕ ਡਿਪਟੀ ਕਮਿਸ਼ਨਰ ਵੱਲੋਂ ਚਿਲਡਰਨ ਹੋਮ ਦਾ ਨਿਰੀਖਣ

ਲੋਕ ਬਾਣੀ/ ਗੁਰਦਾਸਪੁਰ-ਨਵਨੀਤ ਕੁਮਾਰ -

ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ ਵੱਲੋਂ ਬੀਤੀ ਸ਼ਾਮ ਚਿਲਡਰਨ ਹੋਮ (ਲੜਕੇ), ਗੁਰਦਾਸਪੁਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਜ਼ਿਲ੍ਹਾ ਬਾਲ ਭਲਾਈ ਕੌਂਸਲ ਅਤੇ ਚਿਲਡਰਨ ਹੋਮ ਦੇ ਸਟਾਫ਼ ਨਾਲ ਮੀਟਿੰਗ ਵੀ ਕੀਤੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਜੀ ਦੇ ਧਿਆਨ ਵਿੱਚ ਲਿਆਂਦਾ ਗਿਆ ਕਿ ਚਿਲਡਰਨ ਹੋਮ ਦੇ ਇੱਕ 11 ਸਾਲ ਦੇ ਬੱਚੇ ਨੂੰ ਜ਼ਿਲ੍ਹਾ ਗੁਰਦਾਸਪੁਰ ਦੇ ਇੱਕ ਪਰਿਵਾਰ ਵੱਲੋਂ ਫੌਸਟਰ ਕੇਅਰ ਲਈ ਇੱਕ ਸਾਲ ਤੱਕ ਦੇ ਆਰਡਰ ਕੀਤੇ ਗਏ ਹਨ। ਇਸ ਤੇ ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਜ਼ਿਲ੍ਹਾ ਗੁਰਦਾਸਪੁਰ ਦੇ ਵਾਸੀਆਂ ਨੂੰ ਅੱਗੇ ਆਉਣ ਅਤੇ ਫੌਸਟਰ ਫੈਮਲੀ ਵਜੋਂ ਰਜਿਸਟਰ ਹੋਣ ਲਈ ਪ੍ਰੇਰਿਤ ਕੀਤਾ ਅਤੇ ਆਈ ਹੋਈ ਫੌਸਟਰ ਫੈਮਲੀ ਦੀ ਪ੍ਰਸ਼ੰਸਾ ਕੀਤੀ। ਚਿਲਡਰਨ ਹੋਮ ਦੀ ਇੰਸਪੈਕਸ਼ਨ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੁਭਾਸ਼ ਚੰਦਰ ਵੱਲੋਂ ਸਮੂਹ ਸਹਿ-ਵਾਸੀਆਂ ਨਾਲ ਗੱਲਬਾਤ ਕੀਤੀ ਗਈ ਅਤੇ ਚਿਲਡਰਨ ਹੋਮ ਦੀ ਬਿਲਡਿੰਗ ਦਾ ਮੁਆਇਨਾ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ, ਗੁਰਦਾਸਪੁਰ ਮੈਡਮ ਸੁਮਨਦੀਪ ਕੌਰ, ਬਾਲ ਭਲਾਈ ਕਮੇਟੀ ਗੁਰਦਾਸਪੁਰ ਅਤੇ ਜ਼ਿਲ੍ਹੇ ਦੇ ਹੋਰ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਕਰਮਚਾਰੀ ਮੌਜੂਦ ਸਨ।

# ਖਾਲਸਾ ਕਾਲਜ ਵਿਖੇ ਕਰਵਾਇਆ ਗਿਆ ਫੋਟੋਗ੍ਰਾਫੀ ਮੁਕਾਬਲਾ

## ਤੇਜਵੀਰ ਸਿੰਘ ਨੇ ਪਹਿਲਾ, ਗੁਰਨਮਨ ਸਿੰਘ ਨੇ ਦੂਜਾ ਅਤੇ ਸਾਹਿਲ ਸਿੰਘ ਨੇ ਤੀਜਾ ਸਥਾਨ ਕੀਤਾ ਹਾਸਿਲ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 24 ਫ਼ਰਵਰੀ (ਦਵਿੰਦਰਪਾਲ ਸਿੰਘ)

: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਦਿਆਰਥੀਆਂ ਵਿਚਕਾਰ ਫੋਟੋਗ੍ਰਾਫੀ ਮੁਕਾਬਲਾ ਕਰਵਾਇਆ ਗਿਆ। ਇਸ ਫੋਟੋਗ੍ਰਾਫੀ ਮੁਕਾਬਲੇ ਦਾ ਮੁੱਖ ਮੰਤਵ ਵਿਦਿਆਰਥੀਆਂ ਵਿੱਚ ਉਹਨਾਂ ਦੀ ਪ੍ਰਤਿਭਾ ਨੂੰ ਨਿਖਾਰਨ ਦਾ ਮੌਕਾ ਪ੍ਰਦਾਨ ਕਰਨਾ ਸੀ। ਇਸ ਮੁਕਾਬਲੇ ਵਿੱਚ ਕਾਲਜ ਦੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਹਿੱਸਾ ਲਿਆ। ਜਿਹਨਾਂ ਵਿੱਚੋਂ ਤੇਜਵੀਰ ਸਿੰਘ ਬੀ.ਕਾਮ ਆਨਰਜ਼ ਭਾਗ ਪਹਿਲਾ ਨੇ ਪਹਿਲਾ ਸਥਾਨ, ਗੁਰਨਮਨ ਸਿੰਘ ਬੀ.ਕਾਮ ਆਨਰਜ਼ ਭਾਗ ਪਹਿਲਾ ਨੇ ਦੂਜਾ ਸਥਾਨ ਅਤੇ ਸਾਹਿਲ ਸਿੰਘ ਬੀ.ਸੀ.ਏ ਭਾਗ ਦੂਜਾ ਨੇ ਤੀਜਾ ਹਾਸਿਲ ਕੀਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਦੇ ਹੋਏ ਕਿਹਾ ਕਿ ਅਜਿਹੇ ਵਿਦਿਆਰਥੀ ਸਾਡਾ ਅਤੇ ਸਾਡੇ ਕਾਲਜ ਦਾ ਮਾਣ ਹਨ। ਜੋ ਵਿਦਿਅਕ ਗਤੀਵਿਧੀਆਂ ਦੇ ਨਾਲ-ਨਾਲ ਸੱਭਿਆਚਾਰਕ ਅਤੇ ਹੋਰ ਗਤੀਵਿਧੀਆਂ ਵਿੱਚ ਵੀ ਆਪਣਾ ਅਤੇ ਆਪਣੇ ਕਾਲਜ ਦਾ ਨਾਮ ਰੋਸ਼ਨ ਕਰਦੇ ਹਨ। ਇਸ ਫੋਟੋਗ੍ਰਾਫੀ ਮੁਕਾਬਲੇ ਦੀ ਜੱਜਮੈਂਟ ਡਾ. ਪਰਮਪ੍ਰੀਤ ਸਿੰਘ (ਕਮਰਸ ਵਿਭਾਗ), ਪ੍ਰੋ. ਪ੍ਰਭਜੋਤ ਕੌਰ (ਮੁਖੀ ਫਾਈਨ ਆਰਟ ਵਿਭਾਗ) ਅਤੇ ਪ੍ਰੋ. ਜਤਿੰਦਰ ਸਿੰਘ (ਕਮਰਸ ਵਿਭਾਗ) ਨੇ ਕੀਤੀ। ਇਹਨਾਂ ਮੁਕਾਬਲਿਆਂ ਦਾ ਆਯੋਜਨ ਡਾ. ਪਰਮਪ੍ਰੀਤ ਸਿੰਘ ਅਤੇ ਪੱਤਰਕਾਰੀ ਵਿਭਾਗ ਦੇ ਮੁਖੀ ਪ੍ਰੋ. ਸੁਖਦੇਵ ਸਿੰਘ ਦੁਆਰਾ ਕੀਤਾ ਗਿਆ। ਇਸ ਮੌਕੇ ਐਨ.ਸੀ.ਸੀ ਇੰਚਾਰਜ ਸੰਦੀਪ ਕੁਮਾਰ, ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।




# ਹੋਲਾ ਮਹੱਲਾ ਮੌਕੇ ਸੰਗਤਾਂ ਦੀ ਸਹੂਲਤ ਲਈ ਹੋਣਗੇ ਪੁਖਤਾ ਪ੍ਰਬੰਧ, ਪਲਾਸਟਿਕ ਮੁਕਤ ਮਨਾਇਆ ਜਾਵੇਗਾ ਤਿਉਹਾਰ-ਡਿਪਟੀ ਕਮਿਸ਼ਨਰ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 24 ਫ਼ਰਵਰੀ (ਦਵਿੰਦਰਪਾਲ ਸਿੰਘ)

: ਹੋਲਾ ਮਹੱਲਾ 2024 ਦੀਆਂ ਅਗਾਓ ਤਿਆਰੀਆਂ ਅਤੇ ਪ੍ਰਬੰਧਾਂ ਸਬੰਧੀ ਵਿਚਾਰ ਵਟਾਂਦਰਾਂ ਕਰਨ ਲਈ ਅੱਜ ਡਾ.ਪ੍ਰੀਤੀ ਯਾਦਵ ਡਿਪਟੀ ਕਮਿਸ਼ਨਰ ਅਤੇ ਗੁਲਨੀਤ ਸਿੰਘ ਖੁਰਾਨਾ ਐਸ.ਐਸ.ਪੀ ਤਖਤ ਸ੍ਰੀ ਕੇਸਗੜ੍ਹ ਸਾਹਿਬ ਪਹੁੰਚੇ ਜਿੱਥੇ ਉਨ੍ਹਾਂ ਨੇ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਅਤੇ ਮੈਨੇਜਰ ਗੁਰਪ੍ਰੀਤ ਸਿੰਘ ਰੋਡੇ ਨਾਲ ਹੋਲਾ ਮਹੱਲਾ ਪ੍ਰਬੰਧਾਂ ਸਬੰਧੀ ਵਿਚਾਰ ਵਟਾਂਦਰਾਂ ਕੀਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਪੂਜਾ ਸਿਆਲ ਗਰੇਵਾਲ, ਡੀ.ਐਸ.ਪੀ ਅਜੇ ਸਿੰਘ, ਵਧੀਕ ਮੈਨੇਜਰ ਹਰਦੇਵ ਸਿੰਘ ਵੀ ਮੌਜੂਦ ਸਨ।




ਡਾ.ਪ੍ਰੀਤੀ ਯਾਦਵ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੋਲਾ ਮਹੱਲਾ ਦੇ ਪ੍ਰਬੰਧਾਂ ਲਈ ਨਿਰੰਤਰ ਬੈਠਕਾਂ ਕੀਤੀਆ ਜਾ ਰਹੀਆਂ ਹਨ ਅਤੇ ਜਿਲ੍ਹਾਂ ਪ੍ਰਸ਼ਾਸ਼ਨ ਅਗਾਓ ਸਾਰੀਆਂ ਤਿਆਰੀਆਂ ਕਰ ਰਿਹਾ ਹੈ। ਸੰਗਤਾਂ ਦੀ ਸਹੂਲਤ ਲਈ ਪੁਖਤਾ ਪ੍ਰਬੰਧ ਕੀਤੇ ਜਾ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਵਾਰ ਹੋਲਾ ਮਹੱਲਾ ਸਿੰਗਲ ਯੂਜ ਪਲਾਸਟਿਕ ਮੁਕਤ ਮਨਾਇਆ ਜਾਵੇਗਾ, ਇਸ ਦੇ ਲਈ ਸਿੰਘ ਸਾਹਿਬ ਸੰਗਤਾਂ ਨੂੰ ਅਪੀਲ ਕਰਨ ਤਾਂ ਜੋ ਗੁਰੂ ਨਗਰੀ ਨੂੰ ਪ੍ਰਦੂਸ਼ਣ ਮੁਕਤ ਸਾਫ ਸੁਥਰਾ ਰੱਖਿਆ ਜਾਵੇ। ਉਨ੍ਹਾਂ ਨੇ ਸਿੰਘ ਸਾਹਿਬ ਨੂੰ ਅਪੀਲ ਕੀਤੀ ਕਿ ਉਹ ਲੰਗਰ ਕਮੇਟੀਆਂ ਨੂੰ ਸਫਾਂਈ ਵਿਵਸਥਾ ਵਿਚ ਸਹਿਯੋਗ ਦੇਣ ਲਈ ਕਹਿਣ।

ਗੁਲਨੀਤ ਸਿੰਘ ਖੁਰਾਨਾ ਐਸ.ਐਸ.ਪੀ ਰੂਪਨਗਰ ਨੇ ਕਿਹਾ ਕਿ ਹੋਲਾ ਮਹੱਲਾ ਦੌਰਾਨ ਸ਼ਰਧਾਲੂਆਂ ਦੀ ਸੁਰੱਖਿਆਂ ਦੇ ਢੁਕਵੇ ਪ੍ਰਬੰਧ ਕੀਤੇ ਗਏ ਹਨ। ਸੁਚਾਰੂ ਟ੍ਰੈਫਿਕ ਵਿਵਸਥਾ ਬਹਾਲ ਰੱਖਣ ਲਈ ਬਦਲਵੇ ਰੂਟ ਬਣਾਏ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਸਿੰਘ ਸਾਹਿਬ ਸੰਗਤਾਂ ਨੂੰ ਅਪੀਲ ਕਰਨ ਕਿ ਵਾਹਨਾਂ ਉਤੇ ਸਟੰਟ ਕਰਨ ਤੋ ਪ੍ਰਹੇਜ਼ ਕਰਨ, ਟਰੈਕਟਰ ਅਤੇ ਮੋਟਰ ਸਾਈਕਲ ਦੇ ਸਾਈਲੈਂਸਰ ਖੋਲ ਕੇ ਮੇਲੇ ਵਿਚ ਨਾ ਆਉਣ, ਮੋਟਰਸਾਈਕਲਾਂ ਦੇ ਪਟਾਕੇ ਨਾ ਬਜਾਏ ਜਾਣ, ਟਰੈਕਟਰ, ਟਰਾਲੀਆਂ ਤੇ ਵਾਹਨ ਨਿਰਧਾਰਤ ਪਾਰਕਿੰਗ ਵਿਚ ਹੀ ਖੜ੍ਹੇ ਕਰਨ, ਉੱਚੀ ਅਵਾਜ ਵਿੱਚ ਲਾਊਡ ਸਪੀਕਰ ਵਜਾਉਣ ਤੋ ਪ੍ਰਹੇਜ਼ ਕੀਤਾ ਜਾਵੇ ਅਤੇ ਨਸ਼ਿਆ ਦੀ ਵਰਤੋਂ ਨਾ ਕਰਨ ਬਾਰੇ ਸਿੰਘ ਸਾਹਿਬ ਸਮੁੱਚੀ ਲੋਕਾਈ ਨੂੰ ਅਪੀਲ ਕਰਨ, ਉਨ੍ਹਾਂ ਦਾ ਸੰਗਤ ਤੇ ਵਧੇਰੇ ਪ੍ਰਭਾਵ ਹੈ, ਇਸ ਦੇ ਸਕਾਰਾਤਮਕ ਨਤੀਜੇ ਸਾਹਮਣੇ ਆਉਣਗੇ।

ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਜਥੇਦਾਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਕਿਹਾ ਕਿ ਪ੍ਰਸਾਸ਼ਨ ਨੂੰ ਪੂਰਾ ਸਹਿਯੋਗ ਦਿੱਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਹੋਲਾ ਮਹੱਲਾ ਤੋ ਪਹਿਲਾ ਪ੍ਰਸਾਸ਼ਨ ਸਾਰੇ ਪ੍ਰਬੰਧ ਮੁਕੰਮਲ ਕਰ ਲਵੇ, ਦੇਸ਼ ਵਿਦੇਸ਼ ਤੋ ਆਉਣ ਵਾਲੀਆਂ ਸੰਗਤਾਂ ਨੂੰ ਗੁਰੂ ਨਗਰੀ ਪਹੁੰਚਣ ਤੇ ਉਨ੍ਹਾਂ ਦਾ ਭਰਵਾ ਸਵਾਗਤ ਕੀਤਾ ਜਾਵੇਗਾ। ਗੁਰਪ੍ਰੀਤ ਸਿੰਘ ਰੋਡੇ ਮੈਨੇਜਰ ਤਖਤ ਸ੍ਰੀ ਕੇਸਗੜ੍ਹ ਸਾਹਿਬ ਨੇ ਕਿਹਾ ਕਿ ਹੋਲਾ ਮਹੱਲਾ ਦੌਰਾਨ ਸ਼ਰਧਾਲੂਆਂ ਦੀ ਸਹੂਲਤ ਲਈ ਲੋੜੀਦੇ ਪ੍ਰਬੰਧ ਕਰਨ ਲਈ ਪ੍ਰਸਾਸ਼ਨ ਨਾਲ ਤਾਲਮੇਲ ਰੱਖਿਆ ਜਾਵੇਗਾ। ਅੱਜ ਤਖਤ ਸ੍ਰੀ ਕੇਸਗੜ੍ਹ ਸਾਹਿਬ ਪਹੁੰਚੇ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ, ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਤਖਤ ਸ੍ਰੀ ਕੇਸਗੜ੍ਹ ਸਾਹਿਬ ਨਤਮਸਤਕ ਹੋਏ ਅਤੇ ਹੋਲਾ ਮਹੱਲਾ ਸਮਾਗਮਾਂ ਨੂੰ ਸ਼ਰਧਾ ਭਾਵ ਨਾਲ ਕਰਵਾਉਣ ਦੀ ਅਰਦਾਸ ਕੀਤੀ। ਇਸ ਮੌਕੇ ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ, ਐਸ.ਐਸ.ਪੀ ਗੁਲਨੀਤ ਸਿੰਘ ਖੁਰਾਨਾ, ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਗਰੇਵਾਲ ਦਾ ਸਿਰਾਪਾਓ ਦੇ ਕੇ ਸਨਮਾਨ ਕੀਤਾ ਗਿਆ। ਇਸ ਮੌਕੇ ਹੋਰਨਾ ਤੋ ਇਲਾਵਾ ਨਾਇਬ ਤਹਿਸੀਲਦਾਰ ਵਿਕਾਸਦੀਪ, ਹਰਪ੍ਰੀਤ ਸਿੰਘ ਸੂਚਨਾ ਅਫਸਰ, ਹਰਦੇਵ ਸਿੰਘ ਸਹਾਇਕ, ਹਿੰਮਤ ਸਿੰਘ ਐਸ.ਐਚ.ਓ ਵੀ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਨੇ ਨਵਾਂਸ਼ਹਿਰ ਵਿਚ ਸ਼ਾਹ, ਖੱਟਰ ,ਅਨਿਲ ਵਿਜ ਦੇ ਪੁਤਲੇ ਫੂਕਕੇ ਮਨਾਇਆ ਕਾਲਾ ਦਿਨ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ

ਹਰਿਆਣਾ ਸਰਕਾਰ ਵੱਲੋਂ ਦਿੱਲੀ ਜਾ ਰਹੇ ਕਿਸਾਨਾਂ 'ਤੇ ਸ਼ੰਭੂ ਅਤੇ ਖਨੌਰੀ ਬਾਰਡਰਾਂ ਉੱਤੇ ਜਬਰ ਢਾਹੁਣ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਨਵਾਂਸ਼ਹਿਰ ਨੇ ਖੰਡ ਮਿੱਲ ਨਵਾਂਸ਼ਹਿਰ ਅੱਗੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ, ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਖੱਟੜ ਅਤੇ ਹਰਿਆਣਾ ਦੇ ਗ੍ਰਹਿ ਮੰਤਰੀ ਅਨਿਲ ਵਿਜ ਦੇ ਪੁਤਲੇ ਫੂਕੇ।ਇਸ ਮੌਕੇ ਸੰਬੋਧਨ ਕਰਦਿਆਂ ਕੁਲਦੀਪ ਸਿੰਘ ਸੁੱਜੋਂ, ਮੁਕੰਦ ਲਾਲ, ਕੁਲਦੀਪ ਸਿੰਘ ਦੌੜਕਾ,ਜਸਵਿੰਦਰ ਭੰਗਲ, ਸਤਨਾਮ ਸਿੰਘ ਗੁਲਾਟੀ ਅਤੇ ਪਰਮਜੀਤ ਸਿੰਘ ਸ਼ਹਾਬ ਪੁਰ ਨੇ ਕਿਹਾ ਕਿ ਮੋਦੀ ਸਰਕਾਰ ਇਤਿਹਾਸਕ ਕਿਸਾਨ ਅੰਦੋਲਨ ਸਮੇਂ ਕਿਸਾਨ ਜਥੇਬੰਦੀਆਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਬਜਾਏ ਜਬਰ ਢਾਹੁਣ ਦੇ ਰਾਹ ਪੈ ਗਈ ਹੈ। ਸ਼ੰਭੂ ਅਤੇ ਖਨੌਰੀ ਬਾਰਡਰਾਂ ਉੱਤੇ ਵੱਡੀਆਂ ਵੱਡੀਆਂ ਰੋਕਾਂ ਲਾਕੇ, ਕੰਡਿਆਲੀ ਤਾਰ ਲਗਾ ਕੇ ਕਿਸਾਨਾਂ ਉੱਪਰ ਅੱਥਰੂ ਗੈਸ ਦੇ ਗੋਲੇ ਦਾਗਕੇ ਅਤੇ ਗੋਲੀਆਂ ਚਲਾ ਕੇ ਕਿਸਾਨਾਂ ਨੂੰ ਮਾਰਿਆ ਜਾ ਰਿਹਾ ਹੈ।ਇਸ ਨਾਲ ਹਰਿਆਣੇ ਦੀ ਕਿਸਾਨ ਵਿਰੋਧੀ ,ਜਾਬਰ ਅਤੇ ਤਾਨਾਸ਼ਾਹ ਖੱਟਰ ਸਰਕਾਰ ਦਾ ਅਸਲੀ ਚਿਹਰਾ ਬੇਪਰਦ ਹੋ ਗਿਆ ਹੈ।ਉਨ੍ਹਾਂ ਕਿਹਾ ਕਿ 26 ਫਰਵਰੀ ਨੂੰ ਦੇਸ਼ ਭਰ ਵਿਚ ਟਰੈਕਟਰ ਮਾਰਚ ਦੇ ਸੱਦੇ ਅਤੇ ਸੰਯੁਕਤ ਮੋਰਚੇ ਦੇ ਹੋਰ ਸੱਦਿਆਂ ਨੂੰ ਪੂਰੀ ਤਿਆਰੀ ਨਾਲ ਲਾਗੂ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਕਿਸਾਨਾਂ ਦੀਆਂ ਮੰਨੀਆਂ ਮੰਗਾਂ ਲਾਗੂ ਨਹੀਂ ਕਰ



ਰਹੀ।ਇਸਤੋਂ ਵੱਡੀ ਇਸ ਸਰਕਾਰ ਦੀ ਢੀਠਤਾਈ ਹੋਰ ਕੀ ਹੋ ਸਕਦੀ ਹੈ।ਮੋਦੀ ਸਰਕਾਰ ਕਾਰਪੋਰੇਟਾਂ ਦੀ ਚਾਕਰੀ ਕਰਦਿਆਂ ਛੋਟੀ ਅਤੇ ਦਰਮਿਆਨੀ ਕਿਸਾਨੀ ਨੂੰ ਖ਼ਤਮ ਕਰਨ ਦੇ ਰਾਹ ਪਈ ਹੋਈ ਹੈ।ਹਰਿਆਣਾ ਦੀ ਸਰਕਾਰ ਨਾਲ ਕਦਮਤਾਲ ਕਰਕੇ ਮੋਦੀ ਸਰਕਾਰ ਕਿਸਾਨਾਂ ਦੀ ਰੋਸ ਪ੍ਰਗਟਾਵੇ ਦੀ ਆਜਾਦੀ ਦਾ ਹੱਕ ਖੋਹ ਰਹੀ ਹੈ।ਇਹਨਾਂ ਸਰਕਾਰਾਂ ਦੇ ਜਬਰ ਨਾਲ ਕਿਸਾਨੀ ਰੋਹ ਹੋਰ ਵੀ ਤਿੱਖਾ ਹੋਵੇਗਾ।ਕਿਸਾਨਾਂ ਦਾ ਸੰਘਰਸ਼ ਤੁਫਾਨ ਬਣਕੇ ਉੱਠੇਗਾ ਅਤੇ ਇਹਨਾਂ ਜਾਬਰ ਸਰਕਾਰਾਂ ਦੇ ਹੰਕਾਰ ਨੂੰ ਚਕਨਾਚੂਰ ਕਰੇਗਾ।ਇਸ ਮੌਕੇ ਬਲਜਿੰਦਰ ਸਿੰਘ, ਸਤਨਾਮ ਸਿੰਘ ਸੁੱਜੋਂ, ਤਰਸੇਮ ਲਾਲ ਆਗੂ ਵੀ ਮੌਜੂਦ ਸਨ।

# ਸਾਂਝਾ ਅਧਿਆਪਕ ਮੋਰਚਾ ਪੰਜਾਬ ਵੱਲੋਂ ਕਿਸਾਨੀ ਸੰਘਰਸ਼ ਦਾ ਸਮਰਥਨ 16 ਫਰਵਰੀ ਦੀ ਹੜਤਾਲ ਤੇ ਤਸੱਲੀ ਦਾ ਪ੍ਰਗਟਾਵਾ

ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ

-ਸਾਂਝਾ ਅਧਿਆਪਕ ਮੋਰਚਾ ਪੰਜਾਬ ਦੀ ਸੂਬਾਈ ਮੀਟਿੰਗ ਸੂਬਾ ਕਨਵੀਨਰ ਬਲਜੀਤ ਸਿੰਘ ਸਲਾਣਾ ਪ੍ਰਧਾਨਗੀ ਵਿੱਚ ਹੋਈ। ਸਾਂਝਾ ਅਧਿਆਪਕ ਮੋਰਚਾ ਪੰਜਾਬ ਨੇ ਕਿਸਾਨੀ ਸੰਘਰਸ਼ ਦਾ ਸਮਰਥਨ ਕਰਦਿਆਂ ਹਰਿਆਣਾ ਸਰਕਾਰ ਵੱਲੋਂ ਕੇਂਦਰ ਸਰਕਾਰ ਦੀ ਸ਼ਹਿ ਤੇ ਕਿਸਾਨਾਂ ਤੇ ਕੀਤੇ ਜਾ ਰਹੇ ਤਸ਼ੱਦਦ ਅਤੇ ਸੜਕਾਂ ਬੰਦ ਕਰਨ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ। ਹਰਿਆਣਾ ਸਰਕਾਰ ਵੱਲੋਂ ਸ਼ੰਭੂ ਅਤੇ ਖਨੌਰੀ ਬਾਰਡਰਾਂ ਤੇ ਕੀਤੇ ਅੰਨ੍ਹੇ ਤਸ਼ੱਦਦ ਦੌਰਾਨ ਗੋਲਾਬਾਰੀ ਕਰਨ ਨਾਲ ਸ਼ਹੀਦ ਹੋਏ ਸ਼ੁਭਕਰਨ ਸਿੰਘ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ਅਤੇ ਅਧਿਆਪਕ ਆਗੂ ਬਲਕਾਰ ਸਿੰਘ ਸਫਰੀ ਦੇ ਬੇਵਖਤ ਵਿਛੋੜੇ ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਕੇਂਦਰੀ ਟਰੇਡ ਯੂਨੀਅਨਾਂ, ਮੁਲਾਜ਼ਮ ਫੈਡਰੇਸ਼ਨਾਂ, ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ ਸਾਂਝਾ ਫਰੰਟ ਸਾਂਝਾ ਅਧਿਆਪਕ ਮੋਰਚਾ ਪੰਜਾਬ, 16 ਫਰਵਰੀ ਦੀ ਹੜਤਾਲ ਸਬੰਧੀ ਅਧਿਆਪਕ ਮੋਰਚਾ ਪੰਜਾਬ, ਸੰਯੁਕਤ ਕਿਸਾਨ ਮੋਰਚਾ, ਮਜ਼ਦੂਰ ਜਥੇਬੰਦੀਆਂ ਅਤੇ ਜਨਤਕ ਜਥੇਬੰਦੀਆਂ ਵੱਲੋਂ 16 ਫਰਵਰੀ ਦੀ ਹੜਤਾਲ ਦੇ ਸੱਦੇ ਵਿੱਚ ਸ਼ਾਮਿਲ ਪੰਜਾਬ ਦੇ ਅਧਿਆਪਕਾਂ ਵੱਲੋਂ ਕੀਤੀ ਗਈ ਸ਼ਮੂਲੀਅਤ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ। ਪਿਛਲੀ ਸਰਕਾਰ ਸਮੇਂ ਅਧਿਆਪਕ ਸੰਘਰਸ਼ਾਂ ਦੌਰਾਨ ਕੀਤੀਆਂ ਗਈਆਂ ਵਿਕਟੇਮਾਈਜੇਸ਼ਨਾਂ ਦਾ ਹੁਣ ਤੱਕ ਵੀ ਹੱਲ ਨਾ ਕਰਨ ਤੇ ਬਦਲਾਅ ਵਾਲੀ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਦੀ ਕਾਰਜ ਸ਼ੈਲੀ ਤੇ ਪ੍ਰਸ਼ਨ ਚਿੰਨ੍ਹ ਉਠਾਉਂਦੇ ਹੋਏ ਸਾਂਝਾ ਅਧਿਆਪਕ ਮੋਰਚਾ ਪੰਜਾਬ ਨੇ ਅਧਿਆਪਕਾਂ ਦੇ ਮਸਲੇ ਹੱਲ ਨਾ ਕਰਨ ਦੀ ਨਿਖੇਧੀ ਕੀਤੀ। ਮੀਟਿੰਗ ਵਿੱਚ ਸੁਖਵਿੰਦਰ ਸਿੰਘ ਚਾਹਲ, ਸੁਰਿੰਦਰ ਕੁਮਾਰ ਪੁਆਰੀ, ਸੁਰਿੰਦਰ ਕੰਬੋਜ, ਬਾਜ ਸਿੰਘ ਖਹਿਰਾ, ਜਸਵਿੰਦਰ ਸਿੰਘ ਔਲਖ, ਹਰਵਿੰਦਰ ਸਿੰਘ ਬਿਲਗਾ, ਗੁਰਜੰਟ ਸਿੰਘ ਵਾਲੀਆ, ਸੁਖਜਿੰਦਰ ਸਿੰਘ ਹਰੀਕਾ, ਸੁਖਰਾਜ ਸਿੰਘ ਕਾਹਲੋਂ, ਸ਼ਮਸ਼ੇਰ ਸਿੰਘ, ਅਮਨਬੀਰ ਸਿੰਘ ਗੁਰਾਇਆ, ਗੁਰਬਿੰਦਰ ਸਿੰਘ ਸਸਕੌਰ, ਨਵਪ੍ਰੀਤ ਬੱਲੀ, ਐਨਡੀ ਤਿਵਾੜੀ, ਨਵੀਨ ਕੁਮਾਰ ਆਦਿ ਹਾਜ਼ਰ ਸਨ।

## ਜਨਮ ਦਿਨ ਮੁਬਾਰਕ




ਹਰਪ੍ਰੀਤ ਕੌਰ ਮਹਿਰਾ
ਲੁਧਿਆਣਾ

# ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਮੌਕੇ ਕਰਵਾਏ ਸਮਾਗਮ 'ਚ ਮਾਤਾ ਬਲਵਿੰਦਰ ਕੌਰ ਬੈਂਸ ਨੇ ਭਰੀ ਹਾਜ਼ਰੀ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ (ਦਵਿੰਦਰਪਾਲ ਸਿੰਘ)

: ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਦੇ ਸਬੰਧ ਵਿੱਚ ਰਵਿਦਾਸ ਧਰਮਸਾਲ਼ਾ ਮੁਹੱਲਾ ਕੁਰਾਲੀ ਵਾਲਾ ਸ੍ਰੀ ਅਨੰਦਪੁਰ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਵਿਚ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਦੇ ਮਾਤਾ ਬਲਵਿੰਦਰ ਕੌਰ ਬੈਂਸ ਨੇ ਹਾਜ਼ਰੀ ਭਰੀ। ਇਸ ਮੌਕੇ ਮਾਤਾ ਬਲਵਿੰਦਰ ਕੌਰ ਬੈਂਸ ਨੇ ਕਿਹਾ ਕਿ ਭਗਤ ਰਵਿਦਾਸ ਜੀ ਇੱਕ ਕਵੀ, ਸਮਾਜ ਸੁਧਾਰਕ ਅਤੇ ਅਧਿਆਤਮਿਕ ਹਸਤੀ ਸਨ। ਉਨ੍ਹਾਂ ਨੇ ਸਮਾਜ ਕਲਿਆਣ ਅਤੇ ਲੋਕਾਂ ਦੀ ਭਲਾਈ ਲਈ ਵਡਮੁੱਲਾ ਯੋਗਦਾਨ ਪਾਇਆ ਹੈ। ਉਨ੍ਹਾਂ ਨੇ ਕਿਹਾ ਕਿ ਅਸੀ ਉਨ੍ਹਾਂ ਤੋਂ ਸੇਧ ਲੈ ਕੇ ਸਮਾਜ ਸੁਧਾਰ ਲਈ ਅੱਗੇ ਵੱਧ ਰਹੇ ਹਾਂ। ਉਨ੍ਹਾਂ ਨੇ ਕਿਹਾ ਕਿ ਅਸੀ ਭਾਗਾ ਵਾਲੇ ਹਾਂ ਜਿਨ੍ਹਾਂ ਨੂੰ ਅਜਿਹੇ ਦਿਹਾੜੇ ਤੇ ਸਮਾਗਮ ਮਨਾਉਣ ਦਾ ਅਵਸਰ ਮਿਲ ਰਿਹਾ ਹੈ। ਇਸ ਮੌਕੇ ਦਲਜੀਤ ਸਿੰਘ ਐੱਮ.ਸੀ., ਜਸਪ੍ਰੀਤ ਸਿੰਘ ਜੇ.ਪੀ, ਇੰਦਰਜੀਤ ਸਿੰਘ, ਪ੍ਰਵੀਨ ਕੌਸ਼ਲ, ਰਮਨਦੀਪ ਰਾਜੂ ਐਮ.ਸੀ., ਕੁਲਦੀਪ ਸਿੰਘ ਬੰਗਾ, ਦੀਪਕ ਆਂਗਰਾ , ਜਗਜੀਤ ਸਿੰਘ, ਹਰਤੇਗਵੀਰ ਤੇਗੀ, ਵੀਰ ਸਿੰਘ, ਲੈਕਚਰਾਰ ਦਰਸ਼ਨ ਸਿੰਘ, ਗੁਲਜਾਰ ਸਿੰਘ, ਹਰਮਿੰਦਰ ਸਿੰਘ, ਕੁਲਦੀਪ ਸਿੰਘ, ਮਨਜੀਤ ਸਿੰਘ, ਲੱਕੀ, ਜੀਤ ਸਿੰਘ, ਮੋਹਿੰਦਰ ਸਿੰਘ, ਸਤਵਿੰਦਰ ਸਿੰਘ, ਕੁਲਦੀਪ ਸਿੰਘ ਬੰਗਾ ਵੀ ਹਾਜ਼ਰ ਸਨ।



## ਜਨਮ ਦਿਨ ਦੀਆਂ ਮੁਬਾਰਕਾਂ



*ਹਰਲੀਨ ਕੌਰ ਪੋਤਰੀ ਸਿੰਘ ਸਾਹਿਬ ਗਿਆਨੀ ਤਰਲੋਚਨ ਸਿੰਘ ਜੀ ਸਪੁੱਤਰੀ ਐਡਵੋਕੇਟ ਹਰਦੇਵ ਸਿੰਘ ਅਤੇ ਵਰਿੰਦਰ ਕੌਰ ਵਾਸੀ ਸ੍ਰੀ ਅਨੰਦਪੁਰ ਸਾਹਿਬ ਨੂੰ ਜਨਮ ਦਿਨ ਦੀਆਂ ਬਹੁਤ ਬਹੁਤ ਮੁਬਾਰਕਾਂ।*



**ਲੁਧਿਆਣਾ ( ਸੁਖਚੈਨ ਮਹਿਰਾ)** ਪਿੰਡ ਬਹਾਦੁਰ ਕੇ ਵਿੱਚ ਸ਼੍ਰੀ ਗੁਰੂ ਰਵਿਦਾਸ ਜੀ ਦੀ ਸ਼ੋਭਾ ਯਾਤਰਾ ਮੋਕੇ ਸਮੂਹ ਗ੍ਰਾਮ ਪੰਚਾਇਤ ਸਰਪੰਚ ਨਵਨੀਤ ਕੌਰ ਸੰਧੂ ਵਿਕਰਮ ਸੰਧੂ ਸ ਗੁਰਦੀਪ ਸਿੰਘ ਬਿੱਟੂ ਜੀ ਵਲੋਂ ਰੀਬਣ ਕੱਟ ਕੇ ਸ਼ੋਭਾ ਯਾਤਰਾ ਨੂੰ ਰਵਾਨਾ ਕੀਤਾ ਗਿਆ ਇਸ ਮੌਕੇ 1(ਪੰਚਾਇਤ ਮੈਬਰ ਸ ਸੁਖਵਿੰਦਰ ਸਿੰਘ) 2(ਪੰਚਾਇਤ ਮੈਬਰ ਮੱਖਣ ਲਾਲ) 3(ਪੰਚਾਇਤ ਮੈਬਰ ਰਵੀ ਕੁਮਾਰ) 4(ਪ੍ਰਧਾਨ ਸੁਰੇਸ਼ ਲੋਈ ( ਮਨਜੀਤ ਸਿੰਘ A S I (ਅਤੇ ਪਿੰਡ ਵਾਸੀ ਹਾਜ਼ਰ ਸਨ

# ਇੰਟਰ ਹਾਊਸ ਕਾਲੇਜ ਕ੍ਰਿਕਟ ਟੂਰਨਾਮੈਂਟ 2024 ਪੋਲੀਟੈਕਨਿਕ ਕਾਲਜ ਦੀ ਟੀਮ ਨੇ ਜਿੱਤਿਆ

**ਲੋਕ ਬਾਣੀ/ ਸਹੀਦ ਭਗਤ ਸਿੰਘ ਨਗਰ 24 ਫਰਵਰੀ**

–ਕਰਿਆਮ ਰੋਡ ‘ਤੇ ਸੱਥਿਤ ਕੇਸੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਵਿਖੇ ਕੇਸੀ ਗਰੁੱਪ ਦੀ ਚੇਅਰਪਰਸਨ ਸਵ. ਕਮਲ ਗਾਂਧੀ ਦੀ ਯਾਦ ‘ਚ ਸਥਾਪਿਤ ਕਮਲ ਗਾਂਧੀ ਮੈਮੋਰੀਅਲ ਸਪੋਰਟਸ ਅਕੈਡਮੀ ਵੱਲੋਂ ਕਰਵਾਏ ਗਏ ਦੋ ਰੋਜ਼ਾ ਇੰਟਰ ਹਾਊਸ ਕਾਲਜ ਕ੍ਰਿਕਟ ਟੂਰਨਾਮੈਂਟ 2024 ‘ਚ ਕੇਸੀ ਪੌਲੀਟੈਕਨਿਕ ਕਾਲਜ ਦੀ ਟੀਮ ਜੇਤੂ ਰਹੀ, ਜਦਕਿ ਕੇਸੀ ਫਾਰਮੇਸੀ ਕਾਲਜ ਦੀ ਟੀਮ ਉਪ ਜੇਤੂ ਰਹੀ। ਮੈਚ ਦੀ ਸ਼ੁਰੂਆਤ ਕੇਸੀ ਕੈਂਪਸ ਡਾਇਰੈਕਟਰ ਡਾ. ਰਸ਼ਮੀ ਗੁਜਰਾਤੀ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਕੇ ਅਤੇ ਉਨ੍ਹਾਂ ਨੂੰ ਆਸ਼ੀਰਵਾਦ ਦੇ ਕੇ ਕੀਤੀ, ਉਹਨਾ ਦੇ ਨਾਲ ਹੀ ਡਾ. ਪਲਵਿੰਦਰ ਕੁਮਾਰ, ਡਾ. ਕੁਲਜਿੰਦਰ ਕੌਰ, ਡਾ. ਅਨਿਲ ਕੁਮਾਰ ਨੰਦਾ, ਐਸ.ਏ.ਓ ਇੰਜ. ਰਜਿੰਦਰ ਮੂੰਮ, ਇੰਜ. ਜਫਤਾਰ ਅਹਿਮਦ, ਐਮ.ਐਚ.ਆਰ ਮਨੀਸ਼ਾ, ਸਹਾਇਕ ਪ੍ਰੋ.ਅੰਕੁਸ਼ ਨਿਝਾਵਨ, ਸਹਾਇਕ ਪ੍ਰੋ. ਨਿਸ਼ਾ, ਇੰਜ. ਹਰਪ੍ਰੀਤ ਕੌਰ ਅਤੇ ਹਰੀਸ਼ ਗੌਤਮ ਵੀ ਮੌਜੂਦ ਰਹੇ। ਅੰਤ ਵਿੱਚ ਡਾ. ਰਸ਼ਮੀ ਗੁਜਰਾਤੀ ਨੇ ਜੇਤੂ ਅਤੇ ਉਪ ਜੇਤੂ ਟੀਮਾਂ ਨੂੰ ਟਰਾਫੀਆਂ ਦੇ ਕੇ ਸਨਮਾਨਤ ਕਰਦਿਆਂ ਕਿਹਾ ਕਿ ਜਿੱਤ ਅਤੇ ਹਾਰ ਖੇਡਾਂ ਵਾਂਗ ਮਨੁੱਖੀ ਜੀਵਨ ਦੇ ਦੋ ਪਹਿਲੂ ਹਨ, ਸਾਨੂੰ ਇਸ ਨੂੰ ਸਵੀਕਾਰ ਕਰਨਾ ਚਾਹੀਦਾ ਹੈ। ਉਸ ਤੋਂ ਬਾਅਦ, ਤੁਹਾਨੂੰ ਤੁਰੰਤ ਆਪਣੇ ਟੀਚੇ ਨੂੰ ਪ੍ਰਾਪਤ ਕਰਨ ਲਈ ਕੰਮ ਕਰਨਾ ਸ਼ੁਰੂ ਕਰ ਦੇਣਾ ਚਾਹੀਦਾ ਹੈ। ਖੇਡਾ ਹਰ ਵਿਅਕਤੀ ਨੂੰ ਸਿਹਤਮੰਦ ਅਤੇ ਅਨੁਸ਼ਾਨ ‘ਚ ਰਹਿਣ ਦਾ ਰਾਹ ਦਿਖਾਉਂਦੀਆਂ ਹਨ। ਪ੍ਰੋਗਰਾਮ ਕੋਆਰਡੀਨੇਟਰ ਇੰਜ. ਜਫਤਾਰ ਅਹਿਮਦ ਨੇ ਦੱਸਿਆ ਕਿ ਇਸ ਮੈਚ ‘ਚ ਕੇਸੀ ਪੌਲੀਟੈਕਨਿਕ ਕਾਲਜ ਦੀ ਟੀਮ ਨੇ 8 ਓਵਰਾਂ ਵਿੱਚ 134 ਦੌੜਾਂ ਬਣਾਈਆਂ, ਜਿਸ ਦੇ ਖਿਲਾਫ ਖੇਡਦੇ ਹੋਏ ਕੇਸੀ ਫਾਰਮੇਸੀ ਕਾਲਜ ਦੀ ਟੀਮ 109 ਦੌੜਾਂ ਬਣਾ ਕੇ ਹਾਰ ਗਈ। ਕੇਸੀ ਪੋਲੀਟੈਕਨਿਕ ਕਾਲਜ ਦੀ ਟੀਮ 25 ਦੌੜਾਂ ਨਾਲ ਜੇਤੂ ਰਹੀ। ਅਭਿਸ਼ੇਕ ਰਾਜਪੂਤ ਨੂੰ ਸਰਵੋਤਮ ਖਿਡਾਰੀ ਦਾ ਖਿਤਾਬ ਮਿਲਿਆ। ਕੁਮੈਂਟਰੀ ਜੁਲਫੀ ਕਾਰ, ਮੁੰਹਮਦ ਯੂਨਿਸ, ਨਿਤਿਨ ਅਤੇ ਸ਼ੁਭਮ ਵੱਲੋਂ ਸਾਂਝੇ ਤੌਰ ‘ਤੇ ਕੀਤੀ ਗਈ, ਸਕੋਰਰ ਦੀ ਭੂਮਿਕਾ ਵਸ਼ਿਸ਼ਟ ਕੁਮਾਰ ਨੇ ਨਿਭਾਈ। ਮੌਕੇ ‘ਤੇ ਮੌਜੂਦ ਇੰਜ. ਸੋਮ ਰਾਜ, ਅੰਕੁਸ਼ ਚੰਦੇਲ, ਗੌਰਵ ਕੁਮਾਰ, ਇੰਜ. ਜਸਵੰਤ ਸਿੰਘ, ਇੰਜ. ਜਨਾਰਦਨ ਕੁਮਾਰ, ਮੋਨਿਕਾ ਧੱਮ, ਏ.ਓ ਕੁਲਵਿੰਦਰ ਰਾਣਾ, ਹਰੀਸ਼ ਗੌਤਮ, ਮਨਜੀਤ ਕੁਮਾਰ, ਵਿਸ਼ਾਲ, ਸ਼ਬਨਾ, ਸ਼ਿਖਾ ਰਾਜੂ, ਪ੍ਰਿਆ ਧੀਰ, ਗੁਰਪ੍ਰੀਤ, ਸੁਖਮਿੰਦਰ, ਕਾਜਲ ਅਤੇ ਵਿਪਨ ਕੁਮਾਰ ਆਦਿ ਸਮੇਤ ਸਮੂਹ ਕਾਲਜਾਂ ਦਾ ਸਟਾਫ਼ ਹਾਜ਼ਰ ਰਿਹਾ।



St. Soldier
GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
•56 Colleges & Schools •200 Merit Positions
•125 Companies For Placements
•75 Academic Courses
•2000 Placements In 2022-2023
•42000 Students From All Over India
CANADIAN PATHWAY PROGRAMS
FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)
PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA
LAW
• BA.LLB. • B.COM. LLB • BBA.LLB. • LLB • PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
/stsoldiergroup
www.stsoldiergroup.com
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਪਰਿਵਾਰਕ ਉਲਝਣਾਂ ਦੀ ਦਿਲਚਸਪ ਕਹਾਣੀ



## ਵੇਖੀ ਜਾ ਛੇੜੀ ਨਾ

ਗਾਇਕੀ ਦੇ ਨਾਲ ਨਾਲ ਫਿਲਮਾਂ ਵਿੱਚ ਖ਼ਾਸ ਪਛਾਣ ਸਥਾਪਤ ਕਰਨ ਵਾਲਾ ਕਰਮਜੀਤ ਅਨਮੋਲ ਅੱਜ ਪੰਜਾਬੀ ਸਿਨੇਮਾ ਦਾ ਨਾਮੀ ਕਾਮੇਡੀਅਨ ਹੈ। ਉਸ ਨੇ ਆਪਣੇ ਕਿਰਦਾਰਾਂ ਰਾਹੀਂ ਸਮਾਜ ਦੇ ਅਨੇਕਾਂ ਪਾਤਰਾਂ ਨੂੰ ਪਰਦੇ 'ਤੇ ਜੀਵਿਤ ਕੀਤਾ। ਬੀਤੇ ਦਿਨੀਂ ਉਸ ਦੀ ਨਵੀਂ ਕਾਮੇਡੀ ਫਿਲਮ 'ਵੇਖੀ ਜਾ ਛੇੜੀ ਨਾ' ਰਿਲੀਜ਼ ਹੋਈ ਹੈ। ਇਹ ਫਿਲਮ ਜਿੱਥੇ ਸਮਾਜ ਵਿੱਚ ਕੁੜੀਆਂ ਦੀ ਘਟ ਰਹੀ ਗਿਣਤੀ 'ਤੇ ਚਿੰਤਾ ਪ੍ਰਗਟਾਉਂਦੀ ਹੈ ਉੱਥੇ ਵਿਆਹ ਦੀ ਉਮਰ ਲੰਘਾ ਚੁੱਕੇ ਮੁੰਡਿਆਂ (ਛੜੇ) ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਮਾਨਸਿਕਤਾ ਵੀ ਦਰਸਾਉਂਦੀ ਹੈ।

ਲੇਖਕ-ਨਿਰਦੇਸ਼ਕ ਮਨਜੀਤ ਸਿੰਘ ਟੋਨੀ ਵੱਲੋਂ ਲਿਖੀ ਇਸ ਫਿਲਮ ਦੀ ਕਹਾਣੀ ਦੋ ਭਰਾਵਾਂ ਦੇ ਵਿਆਹ ਅਤੇ ਦਾਦੀ ਦੀਆਂ ਰੀਝਾਂ 'ਤੇ ਆਧਾਰਿਤ ਹੈ। ਫਿਲਮ ਵਿਚ ਵੱਡਾ ਭਰਾ ਕਰਮਾ (ਕਰਮਜੀਤ ਅਨਮੋਲ) ਹੈ ਜੋ ਛੜਾ ਤੇ ਛੋਟਾ ਸਿਮਰ (ਸਿਮਰ ਖਹਿਰਾ) ਕੁਆਰਾ ਹੈ। ਇਨ੍ਹਾਂ ਦੀ ਦਾਦੀ (ਜਤਿੰਦਰ ਕੌਰ) ਚਾਹੁੰਦੀ ਹੈ ਕਿ ਉਸ ਦੇ ਜਿਊਂਦੇ-ਜੀਅ ਵੱਡੇ ਪੋਤੇ ਦਾ ਵਿਆਹ ਪਹਿਲਾਂ ਹੋ ਜਾਵੇ ਪਰ ਰਿਸ਼ਤੇ ਵਾਲੇ ਵੇਖਣ ਵੱਡੇ ਨੂੰ ਆਉਂਦੇ ਹਨ, ਪਸੰਦ ਛੋਟੇ ਨੂੰ ਕਰ ਜਾਂਦੇ ਹਨ। ਅਜਿਹਾ ਕਈ ਵਾਰ ਹੁੰਦਾ ਹੈ। ਆਖਿਰ ਪਰਿਵਾਰ ਵਾਲੇ ਇੱਕ ਵਿਚੋਲੇ ਨਾਲ ਮਿਲ ਕੇ ਸਕੀਮ ਖੇਡਦੇ ਹਨ। ਬਿਮਾਰ ਦਾਦੀ ਦਾ ਮਨ ਖੜ੍ਹਾਉਣ ਲਈ ਘਰ ਵਿੱਚ ਸਿਮਰ ਦੀ ਥਾਂ ਕਰਮੇ ਦੇ ਸ਼ਗਨ ਮਨਾਏ ਜਾਂਦੇ ਹਨ, ਜੰਞ ਚੜ੍ਹਦੀ ਹੈ ਪਰ ਲਾਵਾਂ ਵੇਲੇ ਲਾੜੀ ਨਾਲ ਸਿਮਰ ਨੂੰ ਬਿਠਾਇਆ ਜਾਂਦਾ ਹੈ। ਹੌਲੀ ਹੌਲੀ ਵਿਚੋਲੇ ਦੇ ਇਹ 'ਓਹਲੇ' ਦੀ ਖੇਡ ਕਈ ਦਿਲਚਸਪ ਮੋੜ ਲੈ ਜਾਂਦੀ ਹੈ ਅਤੇ ਫਿਲਮ ਹਾਸਿਆਂ ਦੇ ਫੁਹਾਰੇ ਛੱਡਦੀ ਦਰਸ਼ਕਾਂ ਨੂੰ ਖ਼ੂਬ ਹਸਾਉਂਦੀ ਹੈ। ਵਿਨਰਜ਼ ਫਿਲਮਜ਼ ਦੇ ਬੈਨਰ ਹੇਠ ਬਣੀ ਇਸ ਫਿਲਮ ਵਿੱਚ ਕਰਮਜੀਤ ਅਨਮੋਲ, ਸਿਮਰ ਖਹਿਰਾ, ਲਵ ਗਿੱਲ, ਗੁਰਮੀਤ ਸਾਜਨ, ਮਹਾਂਵੀਰ ਭੁੱਲਰ, ਪ੍ਰਕਾਸ਼ ਗਾਧੂ, ਜਤਿੰਦਰ ਕੌਰ, ਪਰਮਿੰਦਰ ਗਿੱਲ, ਰੁਪਿੰਦਰ ਕੌਰ, ਮਨਜੀਤ ਮਨੀ, ਦਲਵੀਰ ਬਬਲੀ, ਸੁਲੱਖਣ, ਅਟਵਾਲ, ਨੀਟਾ ਤੰਬੜਭਾਨ ਤੇ ਮਿੰਨੀ ਮੇਹਰ ਮਿੱਤਲ ਨੇ ਅਹਿਮ ਕਿਰਦਾਰ ਨਿਭਾਏ ਹਨ। ਕਰਮਜੀਤ ਅਨਮੋਲ ਦਰਸ਼ਕਾਂ ਦਾ ਭਰਪੂਰ ਮਨੋਰੰਜਨ ਕਰਦਾ ਹੈ। ਗੁਰਮੀਤ ਸਾਜਨ ਵੀ ਆਪਣੇ ਕਿਰਦਾਰ ਵਿੱਚ ਖ਼ੂਬ ਜਚਿਆ ਹੈ। ਸਿਮਰ ਖਹਿਰਾ ਤੇ ਲਵ ਗਿੱਲ ਦੀ ਜੋੜੀ ਵੀ ਦਰਸ਼ਕਾਂ ਨੂੰ ਪ੍ਰਭਾਵਿਤ ਕਰਦੀ ਹੈ। ਫਿਲਮ ਦਾ ਨਿਰਦੇਸ਼ਨ ਮਨਜੀਤ ਸਿੰਘ ਟੋਨੀ ਤੇ ਗੁਰਮੀਤ ਸਾਜਨ ਨੇ ਕੀਤਾ ਹੈ। ਪਰਿਵਾਰਕ ਰਿਸ਼ਤਿਆਂ ਦੀ ਇਹ ਫਿਲਮ ਮਨੋਰੰਜਨ ਭਰਪੂਰ ਕਾਮੇਡੀ ਡਰਾਮਾ ਹੈ।



# ਭਗਤ ਰਵਿਦਾਸ ਜੀ ਦਾ 647ਵਾਂ ਜਨਮ ਦਿਹਾੜਾ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ

ਲੋਕ ਬਾਣੀ/ ਸ੍ਰੀ ਅਨੰਦਪੁਰ ਸਾਹਿਬ, 24 ਫਰਵਰੀ(ਦਵਿੰਦਰਪਾਲ ਸਿੰਘ)

: ਪੰਥ ਦੀ ਸਿਰਮੋਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਤਖ਼ਤ ਸ੍ਰੀ ਕੇਸਗੜ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ਼੍ਰੋਮਣੀ ਭਗਤ ਰਵਿਦਾਸ ਜੀ ਦਾ 647ਵਾਂ ਜਨਮ ਦਿਹਾੜਾ ਗੁਰਦੁਆਰਾ ਫਤਿਹਗੜ੍ਹ ਸਾਹਿਬ ਵਿਖੇ ਬੜੀ ਸ਼ਰਧਾ ਅਤੇ ਸਤਿਕਾਰ ਨਾਲ ਮਨਾਇਆ ਗਿਆ। ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ 'ਚ ਦਰਜ਼ ਇਲਾਹੀ ਬਾਣੀ ਦੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਸਜਾਏ ਦੀਵਾਨ 'ਚ ਭਾਈ ਬਾਬਲਪ੍ਰੀਤ ਸਿੰਘ ਹਜ਼ੂਰੀ ਰਾਗੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਕੀਰਤਨੀ ਜਥੇ ਵੱਲੋਂ ਆਈਆਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ।ਇਸ ਮੌਕੇ ਭਾਈ ਅਮਰਜੀਤ ਸਿੰਘ ਚਾਵਲਾ ਨੇ ਸੰਗਤਾਂ ਨੂੰ ਜਨਮ ਦਿਹਾੜੇ ਦੀਆਂ ਵਧਾਈ ਦਿੰਦਿਆਂ ਭਗਤ ਰਵਿਦਾਸ ਜੀ ਦੇ ਜੀਵਨ ਇਤਿਹਾਸ ਨਾਲ ਜੋੜਿਆ।ਇਸ ਮੌਕੇ ਪ੍ਰਿੰਸੀਪਲ ਚਰਨਜੀਤ ਸਿੰਘ ਸਿੱਖ ਮਿਸ਼ਨਰੀ ਕਾਲਜ,ਬਾਬਾ ਜਰਨੈਲ ਸਿੰਘ, ਐਡਵੋਕੇਟ ਹਰਦੇਵ ਸਿੰਘ ਅਡੀਸ਼ਨਲ ਮੈਨੇਜਰ,ਜਥੇਦਾਰ ਰਾਮ ਸਿੰਘ, ਕਰਮਵੀਰ ਸਿੰਘ, ਸੁਖਬੀਰ ਸਿੰਘ ਕਲਵਾਂ, ਪ੍ਰਿੰਸੀਪਲ ਕੇਵਲ ਸਿੰਘ, ਅਵਤਾਰ ਸਿੰਘ,ਰਜਿੰਦਰ ਸਿੰਘ ਆਦਿਕ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜਰ ਸਨ।



# ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਪ੍ਰਕਾਸ਼ ਉਤਸਵ

ਲੋਕ ਬਾਣੀ

ਖਨੌਰੀ/ਮੂਨਕ, - ਖਨੌਰੀ ਮੰਡੀ ਤੇ ਨਾਲ ਲਗਦੇ ਪਿੰਡਾਂ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 647 ਵਾਂ ਪ੍ਰਕਾਸ਼ ਉਤਸਵ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਬੇਗਮਪੁਰਾ ਧਾਮ ਸ੍ਰੀ ਗੁਰੂ ਰਵਿਦਾਸ ਮੰਦਰ ਖਨੌਰੀ ਦੇ ਨਾਲ ਨਜ਼ਦੀਕੀ ਪਿੰਡ ਖਨੌਰੀ ਖ਼ੁਰਦ, ਬਨਾਰਸੀ, ਅਨਦਾਨਾ, ਚੱਠਾ ਗੋਬਿੰਦ ਪੁਰਾ, ਕਰੋਦਾ ਗੁਲਾੜੀ ਆਦਿ ਪਿੰਡਾਂ ਵਿੱਚ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਗੁਰੂਆਂ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਮਨਾਇਆ ਗਿਆ। ਖਨੌਰੀ ਮੰਡੀ ਵਿੱਚ ਬਣੇ ਮੰਦਰ ਨੂੰ ਸੁੰਦਰ ਢੰਗ ਨਾਲ ਸੱਜਾਇਆ ਗਿਆ। ਜਿਸ ਵਿੱਚ ਸ਼ਰਧਾਲੂਆਂ ਨੇ ਸਵੇਰੇ ਮੱਥਾ ਟੇਕ ਕੇ ਹਾਜ਼ਰੀ ਭਰਨੀ ਸ਼ੁਰੂ ਕੀਤੀ ਜੋਂ ਦੁਪਹਿਰ ਬਾਅਦ ਵੀ ਜ਼ਾਰੀ ਰਹੀ। ਪਹੁੰਚੇ ਪੱਤਵੰਤੇ ਸੱਜਣਾ ਦਾ ਠੇਕੇਦਾਰ ਮਹਾਂਵੀਰ ਸਿੰਘ, ਬਸਪਾ ਆਗੂ ਸੁਰਿੰਦਰ ਸੰਘਰੋਲੀ, ਘਰ ਦੇ ਪ੍ਰਚਾਰਕ ਅਮਨ



ਬੋਧ, ਪ੍ਰਧਾਨ ਰਾਮਦਾਸ ਭੁੱਕਲ , ਬਸਪਾ ਆਗੂ ਗੁਲਾਬ ਛਾਛੀਆ, ਸ਼ੰਭੂ ਰੰਗਾ ਚੱਠਾ ਆਦਿ ਦੁਆਰਾ ਸੁਆਗਤ ਕੀਤਾ ਗਿਆ। ਇਸ ਮੌਕੇ ਸ੍ਰੀ ਗੁਰੂ ਰਵਿਦਾਸ ਮੰਦਰ ਕਮੇਟੀ ਬੇਗਮਪੁਰਾ ਧਾਮ ਖਨੌਰੀ ਦੇ ਮੈਂਬਰ ਤੇ ਇਲਾਕਾ ਨਿਵਾਸੀਆਂ ਨਾਲ ਸਾਧ ਸੰਗਤ ਹਾਜ਼ਰ ਸੀ।ਇਸੇ ਪ੍ਰਕਾਰ ਪਿੰਡ ਬਨਾਰਸੀ ( ਵੱਡੀ ) ਵਿੱਚ ਵੀ ਬਣੇ ਮੰਦਰ ਦੀ ਸ਼ੋਭਾ ਵੇਖਣ ਯੋਗ ਸੀ। ਜਿਸ ਵਿੱਚ ਡਾਕਟਰ ਭੀਮ ਰਾਓ ਅੰਬੇਡਕਰ ਜਾਗੀ ?ਤੀ ਮੰਚ ਦੇ ਆਗੂਆਂ ਨੇ ਸਮਾਜ ਦੇ ਪਤਵੰਤੇ ਸੱਜਣਾਂ ਨਾਲ ਮਿਲ ਕੇ ਸਮੂਹ ਸੰਗਤ ਦੀ ਹਾਜ਼ਰੀ ਨਾਲ ਗੁਰੂਆਂ ਦਾ ਪ੍ਰਕਾਸ਼ ਪੁਰਬ ਮਨਾਇਆ। ਇਸ ਮੌਕੇ ਪ੍ਰਧਾਨ ਸੁਰੇਸ਼ ਕੁਮਾਰ , ਬਰਿੰਦਰ ਸਿੰਘ , ਸੁਰੇਸ਼ ਫੌਜੀ , ਸਾਬਕਾ ਸਰਪੰਚ ਸੱਤਵੀਰ ਸਿੰਘ, ਮਹਾਂਵੀਰ ਸਿੰਘ ਕਿਰਸਨ ਜੱਸਲ ਬੋਪੁਰ ਆਦਿ ਨੇ ਦੱਸਿਆ ਕਿ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਰਵਿਦਾਸ ਜੀ ਮਹਾਰਾਜ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ ਹੈ। ਇਸ ਮੌਕੇ ਰਾਮਦੀਆ, ਰਾਮ ਗੋਪਾਲ, ਪਾਲਾ, ਹੁਕਮ ਚੰਦ , ਰਣਧੀਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਗੁਰੂਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com